ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 3 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੧ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਮਿਤੀ ਵਿੱਚ ਕੀਤਾ ਗਿਆ ਵਾਧਾ

ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 02 ਮਈ ਕੁਲਜੀਤ ਸਿੰਘ ਖੋਖਰ)-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਮਿਤੀ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਹੁਣ ਵੋਟਾਂ ਬਣਾਉਣ ਲਈ 31 ਜੁਲਾਈ, 2024 ਤੱਕ ਰਜਿਸਟਰੇਸ਼ਨ ਕਰਵਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ 21 ਅਗਸਤ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਦੀ ਮੁੱਢਲੀ ਵੋਟਰ ਸੂਚੀ ਦੀ ਛਪਾਈ ਕੀਤੀ ਜਾਵੇਗੀ। ਇਸ ਤੋਂ ਬਾਅਦ ਵੋਟਰ ਸੂਚੀਆਂ ਵਿੱਚ ਵੋਟਾਂ ਸਬੰਧੀ ਦਾਅਵੇ ਅਤੇ ਇਤਰਾਜ਼ 11 ਸਤੰਬਰ ਤੱਕ ਦਰਜ਼ ਕਰਵਾਏ ਜਾ ਸਕਦੇ ਹਨ ਅਤੇ 20 ਸਤੰਬਰ ਤੱਕ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ ਕੀਤਾ ਜਾਵੇਗਾ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ 05 ਅਕਤੂਬਰ ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾਂ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਇਹ ਵਾਧਾ ਇਸ ਲਈ ਕੀਤਾ ਗਿਆ ਹੈ ਤਾਂ ਜੋ ਵੱਧ ਤੋਂ ਵੱਧ ਵੋਟਰ ਆਪਣੀ ਵੋਟ ਬਣਵਾ ਸਕਣ।



## ਪਰਿਵਾਰ ਦਾ ਦਾਅਵਾ...ਵਟਸਐਪ ਗਰੁੱਪ ਕੀਤੇ ਬਲੌਕ

# ਅੰਮ੍ਰਿਤਪਾਲ ਸਿੰਘ ਨੂੰ ਚੋਣ ਲੜਨ ਤੋਂ ਰੋਕਣਾ ਚਾਹੁੰਦੀ ਸਰਕਾਰ ?

**ਅੰਮ੍ਰਿਤਸਰ, 2 ਮਈ (ਆਵਾਜ਼ਿ ਕੌਮ ਬਿਊਰੋ)**-'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਮਾਪਿਆਂ ਨੇ ਖਦਸ਼ਾ ਪ੍ਰਗਟ ਕੀਤਾ ਹੈ ਕਿ ਸਰਕਾਰ ਅੰਮ੍ਰਿਤਪਾਲ ਸਿੰਘ ਨੂੰ ਲੋਕ ਸਭਾ ਚੋਣ ਲੜਨ ਤੋਂ ਰੋਕ ਸਕਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਇਸੇ ਨੀਤੀ ਤਹਿਤ ਚੋਣ ਪ੍ਰਚਾਰ ਮੁਹਿੰਮ ਲਈ ਬਣਾਏ ਗਏ ਵਟਸਐਪ ਗਰੁੱਪ ਬਲਾਕ ਕਰ ਦਿੱਤੇ ਹਨ। ਅੰਮ੍ਰਿਤਪਾਲ ਦੇ ਪਿਤਾ ਤਰਸੇਮ ਸਿੰਘ ਅਤੇ ਮਾਤਾ ਬਲਵਿੰਦਰ ਕੌਰ ਨੇ ਇਸ ਸਬੰਧੀ ਜਾਰੀ ਇੱਕ ਬਿਆਨ ਰਾਹੀਂ ਭਾਰਤ ਦੇ ਚੋਣ ਕਮਿਸ਼ਨ ਨੂੰ ਲਿਖਿਆ ਕਿ ਸਰਕਾਰਾਂ ਨੇ ਉਨ੍ਹਾਂ ਵੱਲੋਂ ਬਣਾਏ ਗਏ ਵਟਸਐਪ ਗਰੁੱਪ ਦੇ ਐਡਮਿਨਾਂ ਦੇ ਨੰਬਰ ਅਤੇ ਵਟਸਐਪ ਗਰੁੱਪ ਬੰਦ ਕਰ ਦਿੱਤੇ ਹਨ ਜਿਨ੍ਹਾਂ ਨੂੰ ਤੁਰੰਤ ਚਾਲੂ ਕਰਵਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਜਿੰਨੇ ਵੀ ਕੇਸ ਦਰਜ ਹਨ, ਉਹ ਪ੍ਰਸ਼ਾਸਨ ਰਾਹੀਂ ਜਨਤਕ ਕਰਵਾਏ ਜਾਣ। ਤਰਸੇਮ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ ਕਿ ਇਹ ਗਰੁੱਪ ਕੇਂਦਰ ਸਰਕਾਰ ਨੇ ਬੰਦ ਕਰਵਾਏ ਹਨ ਜਾਂ ਸੂਬਾ ਸਰਕਾਰ ਨੇ ਪਰ ਉਨ੍ਹਾਂ ਲਈ ਸਮੁੱਚਾ ਸਰਕਾਰੀ ਤੰਤਰ ਇੱਕੋ ਜਿਹਾ ਹੈ। ਉਨ੍ਹਾਂ ਕਿਹਾ ਕਿ ਖਡੂਰ ਸਾਹਿਬ ਲੋਕ ਸਭਾ ਹਲਕੇ ਵਿੱਚ ਚੋਣ ਪ੍ਰਚਾਰ ਕਰਨ ਵਾਸਤੇ ਉਨ੍ਹਾਂ ਸੰਸਦੀ ਹਲਕੇ ਹੇਠ ਆਉਂਦੇ ਨੌਂ ਵਿਧਾਨ ਸਭਾ ਹਲਕਿਆਂ ਲਈ ਵਟਸਐਪ ਗਰੁੱਪ ਬਣਾਇਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਇਸ ਗਰੁੱਪ ਦੇ ਐਡਮਿਨ ਦਾ ਨੰਬਰ ਅਤੇ ਹੋਰ ਸਮਰਥਨ ਕਰਨ ਵਾਲੇ ਸਿੱਖਾਂ ਦੇ ਨੰਬਰਾਂ 'ਤੇ ਚੱਲ ਰਹੇ ਵਟਸਐਪ ਬਲਾਕ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਚੋਣ ਪ੍ਰਚਾਰ ਮੁਹਿੰਮ ਵਿੱਚ ਅੜਿੱਕੇ ਖੜੇ ਕਰ ਰਹੀ ਹੈ। ਚੋਣਾਂ ਵਿੱਚ ਹਰ ਉਮੀਦਵਾਰ ਨੂੰ ਬਰਾਬਰ ਦਾ ਮੌਕਾ ਮਿਲਣਾ ਚਾਹੀਦਾ ਹੈ ਪਰ ਸਰਕਾਰ ਉਨ੍ਹਾਂ ਦਾ ਹੱਕ ਖੋਹ ਰਹੀ ਹੈ। ਅੰਮ੍ਰਿਤਪਾਲ ਸਿੰਘ ਦੇ ਚੋਣ ਪ੍ਰਚਾਰ ਲਈ ਚੋਣ ਇੰਚਾਰਜ ਬਣਾਈ ਗਈ ਬੀਬੀ ਪਰਮਜੀਤ ਕੌਰ ਖਾਲੜਾ ਨੇ ਵੀ ਦਾਅਵਾ ਕੀਤਾ ਕਿ ਉਸ ਦੇ ਸੋਸ਼ਲ ਮੀਡੀਆ ਖਾਤੇ ਬੰਦ ਕਰ ਦਿੱਤੇ ਗਏ ਹਨ।



## ਚੋਣ ਜ਼ਾਬਤੇ ਦੀ ਉਲੰਘਣਾ ਦੇ ਦੋਸ਼ ਤਹਿਤ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਚੇਤਾਵਨੀ ਜਾਰੀ

**ਨਵੀਂ ਦਿੱਲੀ, 2 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਅਲੱਗ-ਅਲੱਗ ਮਾਮਲਿਆਂ ਵਿਚ ਚੋਣ ਜ਼ਾਬਤੇ ਦੀ ਉਲੰਘਣਾ ਦੇ ਦੋਸ਼ ਤਹਿਤ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ ਚੇਤਾਵਨੀ ਜਾਰੀ ਕੀਤੀ ਗਈ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਆਮ ਆਦਮੀ ਪਾਰਟੀ ਦੇ ਸੂਬਾ ਕਨਵੀਨਰ ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਲੋਕ ਸਭਾ ਚੋਣਾਂ-2024 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਖਿਲਾਫ ਇਕ ਵੀਡਿਓ ਵਿਚ 'ਦਿੱਲੀ ਦੇ ਦਲਾਲ' ਸ਼ਬਦ ਦੀ ਵਰਤੋਂ ਕੀਤੀ ਗਈ ਸੀ ਜੋ ਕਿ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਹੈ। ਸ਼੍ਰੋਮਣੀ ਅਕਾਲੀ ਦਲ ਨੇ ਬਾਅਦ ਵਿਚ ਇਹ ਵੀਡਿਓ ਹਟਾ ਲਈ ਸੀ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਚੋਣ ਰੈਲੀ ਵਿਚ ਬੱਚਿਆਂ ਦੀ ਸ਼ਮੂਲੀਅਤ ਦੇ ਮਾਮਲੇ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਮੰਨਿਆ ਗਿਆ ਹੈ। ਲੁਧਿਆਣਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਵੀ ਰਿਪੋਰਟ ਆਈ ਸੀ ਕਿ ਚੋਣ ਰੈਲੀ ਦੌਰਾਨ ਬੱਚਿਆਂ ਦੀ ਵਰਤੋਂ ਕੀਤੀ ਗਈ ਹੈ। ਚੋਣਾਂ ਵਿੱਚ ਬੱਚਿਆਂ ਦੀ ਵਰਤੋਂ ਬਾਬਤ ਭਾਰਤੀ ਚੋਣ ਕਮਿਸ਼ਨ ਵੱਲੋਂ ਸਾਫ ਦਿਸ਼ਾ-ਨਿਰਦੇਸ਼ ਹਨ ਕਿ ਚੋਣ ਰੈਲੀਆਂ/ਮੁਹਿੰਮਾਂ ਵਿਚ ਬੱਚਿਆਂ ਦੀ ਵਰਤੋਂ ਨਾ ਕੀਤੀ ਜਾਵੇ। ਭਾਰਤੀ ਚੋਣ ਕਮਿਸ਼ਨ ਦੀਆਂ ਆਦਰਸ਼ ਚੋਣ ਜ਼ਾਬਤੇ ਸਬੰਧੀ ਜਾਰੀ ਹਦਾਇਤਾਂ ਦੀ ਉਲੰਘਣਾ ਕਰਨ ਕਰਕੇ ਸ਼੍ਰੋਮਣੀ ਅਕਾਲੀ ਦਲ ਨੂੰ ਚੇਤਾਵਨੀ ਦਿੱਤੀ ਗਈ ਹੈ ਅਤੇ ਨਿਰਦੇਸ਼ ਦਿੱਤਾ ਹੈ ਕਿ ਉਹ ਅਜਿਹੀਆਂ ਗਲਤੀਆਂ ਦੋਬਾਰਾ ਨਾ ਕਰੇ ਅਤੇ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰੇ। ਉੱਧਰ ਆਮ ਆਦਮੀ ਪਾਰਟੀ ਨੂੰ 'ਅਨਸੈਕਰਡ ਗੇਮਜ਼ ਆਫ ਪੰਜਾਬ' ਵਰਗੀਆਂ ਪੋਸਟਾਂ/ਵੀਡੀਓਜ਼ ਪਾਉਣ ਤੋਂ ਰੋਕਿਆ ਗਿਆ ਹੈ। ਇਸ ਦੇ ਨਾਲ ਹੀ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਆਪਣੇ ਸਿਆਸੀ ਵਿਰੋਧੀਆਂ ਲਈ ਜਾਤ ਆਧਾਰਤ ਟਿੱਪਣੀਆਂ ਨੂੰ ਵੀ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਆਦਰਸ਼ ਚੋਣ ਜ਼ਾਬਤੇ ਦੇ ਨਿਰਦੇਸ਼ਾਂ ਦੀ ਉਲੰਘਣਾ ਮੰਨਿਆ ਗਿਆ ਹੈ। ਤਰਨ ਤਾਰਨ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਵੀ ਰਿਪੋਰਟ ਆਈ ਸੀ ਕਿ ਜਾਤ ਆਧਾਰਤ ਟਿੱਪਣੀਆਂ ਦੀ ਵਰਤੋਂ ਭਾਰਤੀ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਦੀ ਉਲੰਘਣਾ ਹੈ।

## ਇਟਲੀ 'ਚ ਸਿੱਖ ਭਾਈਚਾਰੇ ਨੂੰ ਮਿਲੀ ਵੱਡੀ ਰਾਹਤ, ਟ੍ਰੈਵਲ ਕਰਨ ਮੌਕੇ ਕਿਰਪਾਨ ਰੱਖਣ 'ਤੇ ਹੁਣ ਨਹੀਂ ਹੋਵੇਗਾ ਪਰਚਾ

**ਨਵੀਂ ਦਿੱਲੀ, 2 ਮਈ (ਆਵਾਜ਼ਿ ਕੌਮ ਬਿਊਰੋ)**-ਇਟਲੀ 'ਚ ਇਕ ਅੰਮ੍ਰਿਤਧਾਰੀ ਸਿੱਖ ਤੇ ਢਾਡੀ ਮਿਲਖਾ ਸਿੰਘ ਮੌਜੀ 'ਤੇ ਕਿਰਪਾਨ ਰੱਖਣ ਨੂੰ ਲੈ ਕੇ ਪਿਛਲੇ ਦਿਨੀਂ ਦਰਜ ਕੀਤੇ ਗਏ ਪੁਲਸ ਕੇਸ ਤੋਂ ਬਾਅਦ ਇਹ ਘਟਨਾ ਪੂਰੀ ਦੁਨੀਆ 'ਚ ਚਰਚਾ ਦਾ ਵਿਸ਼ਾ ਬਣ ਗਈ ਸੀ। ਅਜਿਹੀ ਘਟਨਾ ਦੁਬਾਰਾ ਕਿਸੇ ਹੋਰ ਸਿੱਖ ਨਾਲ ਨਾ ਵਾਪਰੇ ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵਲੋਂ ਇਟਲੀ ਦੀਆਂ ਸਿੱਖ ਜਥੇਬੰਦੀਆਂ ਨੂੰ ਦਰਜ ਪਰਚੇ ਰੱਦ ਕਰਵਾਉਣ ਅਤੇ ਮਾਮਲੇ ਦੀ ਪੈਰਵਾਈ ਕਰਨ ਲਈ ਹੁਕਮ ਜਾਰੀ ਕੀਤਾ ਗਿਆ ਸੀ, ਜਿਸ 'ਤੇ ਪਹਿਰਾ ਦਿੰਦਿਆਂ ਇੰਡੀਅਨ ਸਿੱਖ ਕਮਿਊਨਿਟੀ ਦੇ ਪ੍ਰਧਾਨ ਸੁਖਦੇਵ ਸਿੰਘ ਕੰਗ ਆਪਣੇ ਸਾਥੀਆਂ ਸਮੇਤ ਇਟਲੀ 'ਚ ਸਟੇਟ ਪੁਲਸ ਦੇ ਫਸਟ ਡਾਇਰੈਕਟਰ ਡਾ. ਰੋਕੋ ਲੁਸਿਆਨੀ ਨੂੰ ਮਿਲੇ। ਇਸ ਮੌਕੇ ਪ੍ਰਧਾਨ ਕੰਗ ਆਪਣੇ ਨਾਲ ਇਕ ਵੱਡੀ ਕਿਰਪਾਨ ਵੀ ਪੁਲਸ ਅਧਿਕਾਰੀ ਕੋਲ ਲੈ ਗਏ ਅਤੇ ਸਿੱਖ ਕੌਮ ਲਈ ਕਿਰਪਾਨ ਦੀ ਮਹੱਤਤਾ ਨੂੰ ਵਿਸਥਾਰ ਸਹਿਤ ਸਮਝਾਇਆ। ਇਸ ਮੌਕੇ ਪੁਲਸ ਅਧਿਕਾਰੀ ਨੇ ਪ੍ਰਧਾਨ ਕੰਗ ਦੀ ਗੱਲਬਾਤ ਨੂੰ ਬੜੇ ਹੀ ਧਿਆਨ ਨਾਲ ਸੁਣਨ ਉਪਰੰਤ ਭਰੋਸਾ ਦਿੱਤਾ ਕਿ ਅੱਜ ਤੋਂ ਬਾਅਦ ਇਟਲੀ 'ਚ ਟ੍ਰੈਵਲ ਕਰਨ ਵੇਲੇ ਆਪਣੇ ਬੈਗ ਵਿਚ ਵੱਡੀ ਕਿਰਪਾਨ ਰੱਖਣ 'ਤੇ ਕਿਸੇ ਵੀ ਸਿੱਖ 'ਤੇ ਪਰਚਾ ਦਰਜ ਨਹੀਂ ਹੋਵੇਗਾ ਅਤੇ ਜਿਹੜੇ ਪਹਿਲਾਂ ਪਰਚੇ ਦਰਜ ਕੀਤੇ ਗਏ ਹਨ, ਉਨ੍ਹਾਂ ਦੀ ਵੀ ਡੂੰਘਾਈ ਨਾਲ ਜਾਂਚ ਕਰਵਾਈ ਜਾਵੇਗੀ। ਇਸ ਸਬੰਧ 'ਚ ਕੰਗ ਨੇ ਕਿਹਾ ਕਿ ਇਟਲੀ 'ਚ ਜੂਨ ਮਹੀਨੇ ਵੱਡੇ ਇਤਿਹਾਸਕ ਦਿਹਾੜੇ ਮਨਾਏ ਜਾਣੇ ਹਨ, ਜਿਸ ਵਿਚ ਭਾਗ ਲੈਣ ਲਈ ਭਾਰਤ ਤੋਂ ਕਈ ਸਿੱਖ ਸ਼ਖਸੀਅਤਾਂ ਨੇ ਇਟਲੀ ਆਉਣਾ ਹੈ ਜਿਨ੍ਹਾਂ ਨੂੰ ਕਿਰਪਾਨ ਰੱਖਣ 'ਤੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਉਚ ਪੁਲਸ ਦੇ ਅਧਿਕਾਰੀ ਨਾਲ ਮੁਲਾਕਾਤ ਕੀਤੀ ਗਈ ਹੈ ਤੇ ਉਨ੍ਹਾਂ ਵਲੋਂ ਪੂਰਨ ਤੌਰ 'ਤੇ ਭਰੋਸਾ ਦਿੱਤਾ ਗਿਆ ਹੈ ਕਿ ਹੁਣ ਬੈਗ 'ਚ ਕਿਰਪਾਨ ਰੱਖਣ 'ਤੇ ਪਰਚਾ ਦਰਜ ਨਹੀਂ ਕੀਤਾ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

## ਜਦੋਂ ਬ੍ਰਿਟੇਨ ਦੀ ਪਾਰਲੀਮੈਂਟ 'ਚ ਗੂੰਜੀਆਂ ਗੁਰਬਾਣੀ ਦੀਆਂ ਧੁਨਾਂ, ਚੁਫੇਰੇ ਛਾ ਗਿਆ ਇਲਾਹੀ ਆਨੰਦ

**ਲੰਡਨ, 2 ਮਈ (ਆਵਾਜ਼ਿ ਕੌਮ ਬਿਊਰੋ)**- ਬ੍ਰਿਟੇਨ ਦੀ ਪਾਰਲੀਮੈਂਟ ਵਿੱਚ ਇਲਾਹੀ ਬਾਣੀ ਨੇ ਸਭਨਾ ਨੂੰ ਵਿਲੱਖਣ ਅਹਿਸਾਸ ਕਰਵਾਇਆ। ਗੁਰਬਾਣੀ ਦੀਆਂ ਧੁਨਾਂ ਸੁਣ ਸਾਰੇ ਸੰਸਦ ਮੈਂਬਰਾਂ ਤੇ ਮੌਜੂਦ ਹੋਰ ਲੋਕ ਉਪਰ ਇਲਾਹੀ ਅਨੰਦ ਛਾ ਗਿਆ। ਸੰਸਦ ਦੇ ਦੋਵੇਂ ਸਦਨਾਂ 'ਚ ਇਹ ਗੁਰਬਾਣੀ ਪ੍ਰਵਾਹ ਵਿਸਾਖੀ ਸਮਾਗਮ ਕੀਤਾ ਗਿਆ। ਇਸ ਮੌਕੇ ਸੰਸਦ ਵਿੱਚ ਸਿੱਖਾਂ ਦੇ ਮਹਾਨ ਇਤਿਹਾਸ ਬਾਰੇ ਵੀ ਚਾਨਣਾ ਪਾਇਆ ਗਿਆ। ਹਾਸਲ ਜਾਣਕਾਰੀ ਮੁਤਾਬਕ ਲੰਡਨ 'ਚ ਆਪਣੀ ਤਰ੍ਹਾਂ ਦੇ ਪਹਿਲੇ ਵਿਸਾਖੀ ਸਮਾਗਮ 'ਚ ਇਸ ਹਫ਼ਤੇ ਸੰਸਦ ਦੇ ਦੋਵੇਂ ਸਦਨਾਂ 'ਚ ਗੁਰਬਾਣੀ ਦੀਆਂ ਅਨਾਹਦ ਧੁਨਾਂ ਤੇ ਸਦਭਾਵਨਾ ਦੇ ਸੁਨੇਹਿਆਂ ਦੀ ਗੂੰਜ ਸੁਣਾਈ ਦਿੱਤੀ। ਬਰਤਾਨਵੀ-ਭਾਰਤੀ ਥਿੰਕ ਟੈਂਕ '1928 ਇੰਸਟੀਚਿਊਟ' ਤੇ ਪਰਵਾਸੀਆਂ ਦੀ ਜਥੇਬੰਦੀ ਸਿਟੀ ਸਿੱਖਸ ਐਂਡ ਬ੍ਰਿਟਿਸ਼ ਪੰਜਾਬੀ ਵੈੱਲਫੇਅਰ ਐਸੋਸੀਏਸ਼ਨ (ਬੀਪੀਡਬਲਿਊਏ) ਵੱਲੋਂ ਸੋਮਵਾਰ ਸ਼ਾਮ ਨੂੰ ਕਰਵਾਏ ਇਸ ਸਮਾਗਮ ਮੌਕੇ ਕਾਮਨਵੈਲਥ ਪਾਰਲੀਮੈਂਟਰੀ ਐਸੋਸੀਏਸ਼ਨ ਰੂਮ ਵਿੱਚ ਵੱਖ-ਵੱਖ ਖੇਤਰਾਂ ਦੇ ਪੇਸ਼ੇਵਰ, ਭਾਈਚਾਰਿਆਂ ਦੇ ਨੇਤਾ ਤੇ ਸਮਾਜ ਸੇਵੀ ਇਕੱਠੇ ਹੋਏ ਅਤੇ ਬਰਤਾਨੀਆ-ਭਾਰਤ ਰਿਸ਼ਤਿਆਂ ਤੇ ਬਰਤਾਨਵੀ ਜਨਜੀਵਨ 'ਚ ਸਿੱਖ ਭਾਈਚਾਰੇ ਦੇ ਯੋਗਦਾਨ 'ਚ ਚਾਨਣਾ ਪਾਇਆ। ਸਿਟੀ ਸਿੱਖਸ ਦੇ ਪ੍ਰਧਾਨ ਜਸਵੀਰ ਸਿੰਘ ਨੇ ਸਮਾਗਮ ਦੀ ਕਾਰਵਾਈ ਚਲਾਈ ਜਿਸ 'ਚ ਕਈ ਬੁਲਾਰਿਆਂ ਨੇ ਭਾਸ਼ਣ ਦਿੱਤਾ ਤੇ ਅਨਹਦ ਕੀਰਤਨ ਸੁਸਾਇਟੀ ਨੇ ਸ਼ਬਦ ਕੀਰਤਨ ਕੀਤਾ। ਜਥੇਬੰਦੀ '1928 ਇੰਸਟੀਚਿਊਟ' ਦੀ ਸਹਿ-ਪ੍ਰਧਾਨ ਕਿਰਨ ਕੌਰ ਮਨਕੂ ਨੇ ਕਿਹਾ, "ਸਾਲ 1699 'ਚ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜੇ ਗਏ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਮਨਾਈ ਜਾਣ ਵਾਲੀ ਵਿਸਾਖੀ ਦਾ ਇਸ ਤਰ੍ਹਾਂ ਸਮਾਗਮ ਕਰਵਾਉਣਾ ਵਾਕਈ ਸਨਮਾਨ ਵਾਲੀ ਗੱਲ ਹੈ। ਵਿਸਾਖੀ ਖਾਲਸੇ ਦੀ ਸ਼ੁਰੂਆਤ ਅਤੇ ਉਸ ਨਾਲ ਸਬੰਧਤ ਸਿੱਖਿਆਵਾਂ ਨੂੰ ਲੈ ਕੇ ਮਨਾਈ ਜਾਂਦੀ ਹੈ, ਜਿਨ੍ਹਾਂ ਵਿੱਚ ਊਚ-ਨੀਚ, ਹੰਕਾਰ ਤੇ ਡਰ ਨੂੰ ਦੂਰ ਕਰਦਿਆਂ ਬਰਾਬਰੀ 'ਤੇ ਜ਼ੋਰ ਦਿੱਤਾ ਗਿਆ ਹੈ।" ਉਨ੍ਹਾਂ ਕਿਹਾ, "ਅੱਜ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਦਾ ਪ੍ਰਕਾਸ਼ ਪੁਰਬ ਵੀ ਹੈ, ਜਿਹੜੇ ਸਾਰਿਆਂ ਦੇ ਹੱਕਾਂ ਲਈ ਨਿਡਰ ਹੋ ਕੇ ਲੜੇ। ਉਨ੍ਹਾਂ ਨੂੰ 'ਹਿੰਦ ਦੀ ਚਾਦਰ' ਵਜੋਂ ਜਾਣਿਆ ਜਾਂਦਾ ਹੈ ਤੇ ਉਨ੍ਹਾਂ ਨੇ ਹੋਰਨਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਸ਼ਹਾਦਤ ਦਿੱਤੀ।" ਸਮਾਗਮ ਮੌਕੇ ਸੰਸਦ 'ਚ ਲੇਬਰ ਪਾਰਟੀ ਦੇ ਸਿੱਖ ਮੈਂਬਰ ਤਨਮਨਜੀਤ ਸਿੰਘ ਢੇਸੀ ਤੇ ਇਸੇ ਪਾਰਟੀ ਵੱਲੋਂ ਏਸ਼ੀਆ ਤੇ ਪ੍ਰਸ਼ਾਂਤ ਖਿੱਤੇ ਨਾਲ ਸਬੰਧਤ ਮੰਤਰੀ ਕੈਥਰੀਨ ਵੈਸਟ ਤੋਂ ਇਲਾਵਾ ਬੈਰੋਨੈੱਸ ਸੈਂਡੀ ਵਰਮਾ, ਦੱਖਣੀ ਏਸ਼ੀਆ ਮੰਤਰੀ ਲਾਰਡ ਤਾਰਿਕ ਅਹਿਮਦ ਸਣੇ ਵੱਖ-ਵੱਖ ਪਾਰਟੀਆਂ ਦੇ ਸੰਸਦ ਮੈਂਬਰ ਵੀ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿਹਾ ਕਿ ਇਹ ਸਮਾਗਮ ਸੰਸਦੀ ਕੈਲੰਡਰ 'ਚ ਸਾਲਾਨਾ ਸਮਾਗਮ ਵਜੋਂ ਸ਼ਾਮਲ ਹੋ ਜਾਵੇਗਾ। ਸਮਾਗਮ ਮੌਕੇ ਸਿਟੀ ਸਿੱਖਸ ਦੇ ਸਹਿ-ਪ੍ਰਧਾਨ ਪਰਮ ਸਿੰਘ ਨੇ ਵੀ ਸੰਬੋਧਨ ਕੀਤਾ।



## ਆਖ਼ਰ ਕਿਵੇਂ ਫੈਲੀ ਗੈਂਗਸਟਰ ਗੋਲਡੀ ਬਰਾੜ ਦੀ ਮੌਤ ਦੀ ਅਫਵਾਹ ?

**ਵਾਸ਼ਿੰਗਟਨ, 2 ਮਈ (ਆਵਾਜ਼ਿ ਕੌਮ ਬਿਊਰੋ)**-ਗੈਂਗਸਟਰ ਗੋਲਡੀ ਬਰਾੜ ਦੀ ਮੌਤ ਦੀ ਅਫ਼ਵਾਹ ਕਿੱਥੇ ਫੈਲੀ ਇਹ ਅਜੇ ਤੱਕ ਅਣਸੁਲਝਿਆ ਸਵਾਲ ਹੈ। ਦੱਸਿਆ ਜਾ ਰਿਹਾ ਹੈ ਕਿ ਗੋਲਡੀ ਬਰਾੜ ਦੀ ਮੌਤ ਦੀ ਖ਼ਬਰ ਸਭ ਤੋਂ ਪਹਿਲਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੀ। ਇਸ ਤੋਂ ਬਾਅਦ ਹੀ ਵੱਖ-ਵੱਖ ਅਖਬਾਰਾਂ ਅਤੇ ਸੋਸ਼ਲ ਮੀਡੀਆ ਸਾਈਟਾਂ 'ਤੇ ਇਸ ਨਾਲ ਜੁੜੀਆਂ ਖਬਰਾਂ ਆਉਣੀਆਂ ਸ਼ੁਰੂ ਹੋ ਗਈਆਂ। ਗੋਲਡੀ ਬਰਾੜ ਦੀ ਮੌਤ ਦੀ ਖ਼ਬਰ ਨੇ ਉਸ ਸਮੇਂ ਹੋਰ ਬਲ ਦਿੱਤਾ ਜਦੋਂ ਐਕਸ 'ਤੇ ਯੂਜ਼ਰਸ ਨੇ ਗੋਲਡੀ ਬਰਾੜ ਦੀਆਂ ਪੁਰਾਣੀਆਂ ਵੀਡੀਓਜ਼ ਪੋਸਟ ਕਰਨੀਆਂ ਸ਼ੁਰੂ ਕਰ ਦਿੱਤੀਆਂ। ਬੁੱਧਵਾਰ ਸਵੇਰੇ ਇਹ ਖ਼ਬਰ ਫੈਲ ਗਈ ਕਿ ਗੋਲਡੀ ਬਰਾੜ ਨੂੰ ਗੋਲੀ ਮਾਰ ਦਿੱਤੀ ਗਈ ਹੈ ਅਤੇ ਬਾਅਦ ਵਿੱਚ ਉਸਦੀ ਮੌਤ ਹੋ ਗਈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਗੈਂਗਸਟਰ ਗੋਲਡੀ ਦੀ ਮੌਤ ਦੀ ਖ਼ਬਰ ਸਭ ਤੋਂ ਪਹਿਲਾਂ ਕੈਨੇਡਾ ਵਿੱਚ ਫੈਲੀ ਸੀ। ਇਸ ਤੋਂ ਬਾਅਦ ਸੁਰੱਖਿਆ ਏਜੰਸੀ ਨੇ ਕੈਲੀਫੋਰਨੀਆ 'ਚ 30 ਅਪ੍ਰੈਲ ਨੂੰ ਹੋਈ ਗੋਲੀਬਾਰੀ ਦੀ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਏਜੰਸੀ ਵਿਸ਼ੇਸ਼ ਤੌਰ 'ਤੇ ਇਸ ਗੱਲ 'ਤੇ ਧਿਆਨ ਦੇ ਰਹੀ ਸੀ ਕਿ ਗੋਲੀਬਾਰੀ ਦੌਰਾਨ ਗੋਲੀ ਲੱਗਣ ਵਾਲਾ ਵਿਅਕਤੀ ਗੋਲਡੀ ਬਰਾੜ ਹੈ ਜਾਂ ਨਹੀਂ। ਪੁਲਿਸ ਨੇ ਜਦੋਂ ਇਸ ਸੂਚਨਾ ਦੀ ਜਾਂਚ ਸ਼ੁਰੂ ਕੀਤੀ ਤਾਂ ਪੁਲਿਸ ਨੂੰ ਕਈ ਅਹਿਮ ਸਬੂਤ ਮਿਲੇ ਹਨ ਪਰ ਪੁਲਿਸ ਨੇ ਕਈ ਘੰਟਿਆਂ ਤੱਕ ਇਹ ਨਹੀਂ ਦੱਸਿਆ ਕਿ ਗੋਲੀ ਕਿਸ ਨੂੰ ਲੱਗੀ। ਇਸ ਤੋਂ ਬਾਅਦ 1 ਮਈ ਨੂੰ ਕੈਲੀਫੋਰਨੀਆ ਵਿੱਚ ਫਰਿਜ਼ਨੋ ਪੁਲਿਸ ਦੇ ਲੈਫਟੀਨੈਂਟ ਵਿਲੀਅਮ ਜੇ ਡੂਲੇ ਨੇ ਇੱਕ ਈਮੇਲ ਬਿਆਨ ਜਾਰੀ ਕਰਕੇ ਕਿਹਾ ਕਿ ਗੋਲਡੀ ਬਰਾੜ ਬਾਰੇ ਪੂਰੀ ਦੁਨੀਆ ਤੋਂ ਪੁੱਛਗਿੱਛ ਆ ਰਹੀ ਹੈ। ਸਾਨੂੰ ਨਹੀਂ ਪਤਾ ਕਿ ਇਹ ਅਫਵਾਹ ਕਿਸਨੇ ਸ਼ੁਰੂ ਕੀਤੀ ਸੀ। ਆਨਲਾਈਨ ਚੈਟਰਸ ਦਾਅਵਾ ਕਰ ਰਹੇ ਹਨ ਕਿ ਗੋਲਡੀ ਮਾਰਿਆ ਗਿਆ ਹੈ। ਇਹ ਖਬਰ ਜੰਗਲ ਦੀ ਅੱਗ ਵਾਂਗ ਫੈਲ ਗਈ ਪਰ ਮੈਂ ਯਕੀਨ ਨਾਲ ਕਹਿ ਰਿਹਾ ਹਾਂ ਕਿ ਗੋਲੀ ਮਾਰਨ ਵਾਲਾ ਗੋਲਡੀ ਬਰਾੜ ਨਹੀਂ ਹੈ। ਇਸ ਸਭ ਦੇ ਵਿਚਕਾਰ ਸੂਤਰਾਂ ਤੋਂ ਇਹ ਵੀ ਖ਼ਬਰ ਆ ਰਹੀ ਹੈ ਕਿ ਗੋਲਡੀ ਬਰਾੜ ਦੀ ਮੌਤ ਬਾਰੇ ਭਾਰਤ ਦੀਆਂ ਸੁਰੱਖਿਆ ਏਜੰਸੀਆਂ ਨੂੰ ਵੀ ਕੋਈ ਜਾਣਕਾਰੀ ਨਹੀਂ ਹੈ।








ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI




ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.

| | |
|---|---|
| Boilers | Gas Safety Inspections |
| Certificates | Plumbing Work |
| Gas Work | Vaillant APPROVED INSTALLER |
| Cylinders | WORCESTER Bosch Group |
| Maintenance Services | |

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-obligation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੂ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ
ਜਾਰੀ ਕਰਤਾ:
ਖਾਲਸਾ ਅਕੈਡਮੀ
ਨਰਸਰੀ ਤੋਂ +2 ਤੱਕ
ਖਾਲਸਾ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਗੁਰਬਾਣੀ ਸਿੱਖਿਆ
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626





# ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਨੂੰ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਅਵਤਾਰ ਪੁਰਬ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਅਤੇ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ਸ੍ਰੀ ਮੁਕਤਸਰ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ 'ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ ਨੂੰ 7 ਤੋਂ 8 ਵਜੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ।

ਸ਼ਨਿੱਚਰਵਾਰ 4 ਮਈ ਸ਼ਾਮ 5 ਤੋਂ 6 ਵਜੇ ਤੱਕ ਵਾਹਿਗੁਰੂ ਸਿਮਰਨ 6 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 5 ਮਈ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ। ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਮਨਜੀਤ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਦਸਮੇਸ਼ ਸਕੂਲ ਮਹਿਤਾ ਦੇ ਬਾਰਵੀਂ ਜਮਾਤ ਦੇ

# ਵਿਦਿਆਰਥੀਆਂ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਂਕ ਮਹਿਤਾ, 2 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਤਾਜ਼ਾ ਬਾਰਵੀਂ ਜਮਾਤ ਦੇ ਨਤੀਜੇ ਵਿੱਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਮਹਿਤਾ ਚੌਂਕ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ।ਵਿਦਿਆਰਥੀਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਸੰਸਥਾ ਦੇ ਮਾਣ ਵਿੱਚ ਵਾਧਾ ਕੀਤਾ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਸਦਕਾ ਵਧੀਆ ਅੰਕ ਪ੍ਰਾਪਤ ਕੀਤੇ।ਅਧਿਆਪਕ ਅਤੇ ਮਾਪੇ ਆਏ ਨਤੀਜੇ ਤੋਂ ਖੁਸ਼ ਦਿਖਾਈ ਦਿੱਤੇ।ਸਭ ਨੇ ਪਰਮਾਤਮਾ ਦਾ ਸ਼ੁਕਰ ਕੀਤਾ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਰੰਗ ਲੈ ਕੇ ਆਈ ਹੈ।ਦਸ਼ਮੇਸ਼ ਸਕੂਲ ਦੇ ਕੋਲ 131 ਵਿਦਿਆਰਥੀਆਂ ਨੇ ਬਾਰਵੀਂ ਜਮਾਤ ਦੇ ਇਮਤਿਹਾਨ ਦਿੱਤੇ ਜਿਸ ਵਿੱਚੋਂ 37 ਵਿਦਿਆਰਥੀ ਕਾਮਰਸ ਗਰੁੱਪ, 60 ਵਿਦਿਆਰਥੀ ਆਰਟਸ ਗਰੁੱਪ ਅਤੇ 34 ਵਿਦਿਆਰਥੀ ਸਾਇੰਸ ਗਰੁੱਪ ਨਾਲ ਸੰਬੰਧਿਤ ਸਨ। ਕਮਰਸ ਗਰੁੱਪ ਦੇ 90% ਤੋਂ ਉੱਪਰ 22 ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕੀਤੇ। 80% ਤੋਂ ਉੱਪਰ 15 ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕੀਤੇ।ਆਰਟਸ ਗਰੁੱਪ ਦੇ 90% ਤੋਂ ਉੱਪਰ 05 ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕੀਤੇ। 80 ਪ੍ਰਤੀਸ਼ਤ ਤੋਂ ਉੱਪਰ 27 ਵਿਦਿਆਰਥੀਆਂ, 70% ਤੋਂ ਉੱਪਰ 23 ਵਿਦਿਆਰਥੀਆਂ ਅਤੇ 60% ਤੋਂ ਉੱਪਰ 05 ਵਿਦਿਆਰਥੀਆਂ ਨੇ ਅੰਕ ਹਾਸਲ ਕੀਤੇ। ਇਸ ਤੋਂ ਇਲਾਵਾ ਸਾਇੰਸ ਗਰੁੱਪ ਦੇ 90% ਤੋਂ ਉੱਪਰ ਤਿੰਨ ਵਿਦਿਆਰਥੀ ਰਹੇ ਅਤੇ 80 ਪ੍ਰਤੀਸ਼ਤ ਤੋਂ ਉੱਪਰ 31 ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕੀਤੇ। ਕਮਰਸ ਗਰੁੱਪ ਵਿੱਚੋਂ ਚਾਹਤ ਆਨੰਦ ਨੇ 485/500(97%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ। ਅਮਨਪ੍ਰੀਤ ਕੌਰ 484/500(96.8%) ਅੰਕ ਪ੍ਰਾਪਤ ਕਰਕੇ ਦੂਸਰੇ ਸਥਾਨ ਉੱਤੇ ਰਹੀ ਅਤੇ ਜਸਮੀਨ ਕੌਰ 482/500(96.4%) ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚੋਂ ਵੀਰਪਾਲ ਕੌਰ ਨੇ 465/500(93%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਬਲਪ੍ਰੀਤ ਕੌਰ ਨੇ 462/500(92.4%) ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਇੰਦਰਜੀਤ ਕੌਰ ਨੇ 458/500(91.6%) ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਸਾਇੰਸ ਗਰੁੱਪ ਵਿੱਚੋਂ ਪਲਕਨੂਰ ਕੌਰ ਨੇ 459/500(91.8%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ। ਜਸ਼ਨਪ੍ਰੀਤ ਕੌਰ ਨੇ 455/500(91%) ਅੰਕ ਅਤੇ ਹਰਮਨਦੀਪ ਕੌਰ ਨੇ 452/500(90.4%) ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸੰਸਥਾ ਦੇ ਡਾਇਰੈਕਟਰ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਦਾ ਉਪਦੇਸ਼ ਦਿੱਤਾ। ਉਹਨਾਂ ਨੇ ਸਮਝਾਇਆ ਕਿ ਮਿਹਨਤ ਅਤੇ ਸਬਰ ਦੇ ਸਦਕਾ ਹੀ ਮਨੁੱਖ ਉੱਚੀਆਂ ਮੰਜ਼ਿਲਾਂ ਪ੍ਰਾਪਤ ਕਰਦਾ ਹੈ ਇਸ ਲਈ ਮਿਹਨਤ ਦਾ ਪੱਲਾ ਕਦੇ ਨਾ ਛੱਡੋ। ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ ਨੇ ਬੱਚਿਆਂ ਅਤੇ ਅਧਿਆਪਕਾਂ ਦੀ ਪ੍ਰਸੰਸਾ ਕੀਤੀ ਕਿ ਉਹਨਾਂ ਦੁਆਰਾ ਕੀਤੀ ਹੋਈ ਮਿਹਨਤ ਨੇ ਅੱਜ ਸੰਸਥਾ ਦਾ ਨਾਂ ਉੱਚਾ ਕੀਤਾ ਹੈ। ਬੱਚਿਆਂ ਦੀ ਹੌਸਲਾ ਅਫਜਾਈ ਸਮੇਂ ਸਰਦਾਰ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ, ਕੋਆਰਡੀਨੇਟਰ ਮੈਡਮ ਰਵਿੰਦਰ ਕੌਰ, ਮੈਡਮ ਪ੍ਰੀਤੀ, ਮੈਡਮ ਜਸ਼ਨਦੀਪ ਅਤੇ ਮੈਡਮ ਮਨਦੀਪ ਮੌਜੂਦ ਰਹੇ।

### ਸ਼੍ਰੀ ਗੁਰੂ ਰਾਮਦਾਸ ਸਕੂਲ ਦੀ ਅੱਠਵੀਂ ਤੇ ਬਾਰਵੀਂ ਜਮਾਤ ਦਾ

# ਨਤੀਜਾ ਰਿਹਾ ਬਹੁਤ ਹੀ ਸ਼ਾਨਦਾਰ




**ਚੌਂਕ ਮਹਿਤਾ, 2 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਅਤੇ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸ੍ਰੀ ਗੁਰੂ ਰਾਮਦਾਸ ਸੀਨੀ. ਸੈਕੰ. ਸਕੂਲ, ਨਾਥ ਦੀ ਖੂਹੀ ਚੰਨਣਕੇ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 100 ਫੀਸਦੀ ਰਿਹਾ! ਅੱਠਵੀਂ ਪ੍ਰੀਖਿਆ ਵਿੱਚ ਅਪੀਅਰ ਹੋਏ ਬੱਚਿਆਂ ਵਿੱਚੋਂ ਸਕੂਲ ਦੇ ਹੋਣਹਾਰ ਵਿਦਿਆਰਥੀ ਨਵਦੀਪ ਕੌਰ ਅਤੇ ਲਕਸ਼ਮੀ ਕੁਮਾਰੀ 98%, ਸੁਮਨਦੀਪ ਕੌਰ 97.6%, ਮੁਸਕਾਨਪ੍ਰੀਤ ਕੌਰ ਤੇ ਕੋਮਲਪ੍ਰੀਤ ਕੌਰ 97% ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਉੱਪਰਲੀਆਂ ਪੁਜੀਸ਼ਨਾਂ ਤੇ ਰਹੇ। ਅਨਮੋਲਦੀਪ ਕੌਰ, ਗੁਰਲੀਨ ਕੌਰ, ਜਪਨੂਰ ਕੌਰ ਤੇ ਅਭੀਜੋਤ ਸਿੰਘ ਨੇ 90% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਹਨਾ ਤੋਂ ਇਲਾਵਾ 05 ਵਿਦਿਆਰਥੀ 80% ਤੋਂ ਉੱਪਰ , ਬਾਕੀ ਸਾਰੇ ਵਿਦਿਆਰਥੀ 75% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਪਾਸ ਹੋਏ !ਪ੍ਰਿੰਸੀਪਲ ਸ੍ਰੀਮਤੀ ਗੁਰਦੀਪ ਕੌਰ ਨੇ ਦੱਸਿਆ ਕਿ ਬਾਰ੍ਹਵੀਂ ਪ੍ਰੀਖਿਆ ਵਿੱਚ ਸਕੂਲ ਦੇ ਸਾਇੰਸ ਤੇ ਆਰਟਸ ਗਰੁੱਪ ਦੇ ਕੁੱਲ 74 ਵਿਦਿਆਰਥੀ ਅਪੀਅਰ ਹੋਏ। ਸਾਇੰਸ ਗਰੁੱਪ ਦੇ ਬਹੁਤ ਹੀ ਹੋਣਹਾਰ ਵਿਦਿਆਰਥੀ ਨਵਨੀਤ ਕੌਰ ਤੇ ਮਹਿਕਪ੍ਰੀਤ ਕੌਰ (95%),ਰੋਸ਼ਨੀ, ਸੁਮਨਪ੍ਰੀਤ ਕੌਰ, ਦਲਜੀਤ ਕੌਰ, ਮਹਿਕਦੀਪ ਕੌਰ, ਹਰਸ਼ਦੀਪ ਤੇ ਮਨਵੀਰ ਸਿੰਘ (94%), ਰਮਨਪ੍ਰੀਤ ਕੌਰ, ਸਿਮਰਨਜੀਤ ਕੌਰ ਤੇ ਨੇਹਾ ਨੇ (93%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਉੱਪਰਲੇ ਸਥਾਨ ਪ੍ਰਾਪਤ ਕੀਤੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਹਨਾਂ ਤੋਂ ਇਲਾਵਾ 13 ਵਿਦਿਆਰਥੀ 90% ਉੱਪਰ, ਬਾਕੀ ਸਾਰੇ ਵਿਦਿਆਰਥੀ 85% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਪਾਸ ਹੋਏ! ਇਸ ਦੇ ਨਾਲ ਹੀ ਆਰਟਸ ਗਰੁੱਪ ਦੇ ਹੋਣਹਾਰ ਵਿਦਿਆਰਥੀ ਜਗਤਾਰ ਸਿੰਘ ਤੇ ਅਰਮਾਨਦੀਪ ਸਿੰਘ (91%), ਮਨਬੀਰ ਸਿੰਘ 90%, ਅਨੀਸ਼ਾ ਨੇ 89% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਉੱਪਰਲੀਆਂ ਪੁਜੀਸ਼ਨਾਂ ਤੇ ਰਹੇ! ਇਸਤੋਂ ਇਲਾਵਾ 25 ਵਿਦਿਆਰਥੀ 80% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਪਾਸ ਹੋਏ !ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਦੇ ਡਾਇਰੈਕਟਰ ਸ : ਸ਼ਿਵਚਰਨ ਸਿੰਘ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ!

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹੋਲੀ ਮਦਰ ਅੰਤਰਯਾਮੀ ਮਾਡਰਨ ਸਕੂਲ ਦੀ ਬੋਰਡ ਕਲਾਸ ਅੱਠਵੀਂ ਦਾ ਨਤੀਜਾ ਰਿਹਾ 100%



**ਚੌਂਕ ਮਹਿਤਾ, 2 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹੋਲੀ ਮਦਰ ਅੰਤਰਯਾਮੀ ਮਾਡਰਨ ਸਕੂਲ ਨਿਊ ਸ਼ਹੀਦ ਊਧਮ ਸਿੰਘ ਨਗਰ ਦੇ ਮੁੰਡੇ ਅਤੇ ਕੁੜੀਆਂ ਨੇ ਬੋਰਡ ਦੀ ਪ੍ਰੀਖਿਆ ਵਿੱਚ ਰਲ ਕੇ ਮਾਰੀ ਬਾਜ਼ੀ। ਹਰਮਨਦੀਪ ਸਿੰਘ ਨੇ 96% ਪ੍ਰਭਜੋਤ ਕੌਰ ਨੇ 95.5% ਵਿਨਸ ਕੋਰ 95% ਕਰਮਵਾਰ ਪਹਿਲੀ ਦੂਜੀ ਅਤੇ ਤੀਜੀ ਪੁਜੀਸ਼ਨ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਮਨਸੀਰਤ ਕੌਰ ਨੇ 95% ਜਰਮਨਜੀਤ ਨੇ 94% ਜਸਮੀਤ ਕੌਰ ਨੇ 91.8% ਮਨਿੰਦਰ ਸਿੰਘ ਨੇ 90.8% ਅੰਕ ਪ੍ਰਾਪਤ ਕੀਤੇ ਬਾਕੀ ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਮਾਤਾ ਪਿਤਾ ਸਾਹਿਬਾਨ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰ ਐਸ.ਪੀ ਸਿੰਘ ਨੇ ਜਿੱਥੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਉੱਥੇ ਇਸ ਕਾਮਯਾਬੀ ਲਈ ਮਿਹਨਤੀ ਸਟਾਫ ਮਾਤਾ ਪਿਤਾ ਸਾਹਿਬਾਨ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ ਅਤੇ ਪ੍ਰਿੰਸੀਪਲ ਮੈਡਮ ਪਰਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਅਵਲ ਆਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ।

# ਆਰਸ਼ ਜਿਊਲਰਜ਼ ਵਿਖੇ ਚੋਰਾ ਦਿੱਤਾ ਵਾਰਦਾਤ ਨੂੰ ਅੰਜ਼ਾਮ



**ਚੌਂਕ ਮਹਿਤਾ, 2 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਰਸ਼ ਜਿਊਲਰਜ ਅੱਡਾ ਮਾਹਲ ਵਿਖੇ ਅਣਪਛਾਤੇ ਨੌਜਵਾਨਾਂ ਵੱਲੋਂ ਦੁਕਾਨ ਦੇ ਪਿੱਛੇ ਸੰਨ ਲਗਾ ਕੇ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੈ। ਮੌਕੇ ਤੇ ਦੁਕਾਨ ਮਾਲਕ ਗੁਰਬਚਨ ਸਿੰਘ ਚੌਂਕੀ ਕਾਲਾ ਨੂੰ ਇਤਲਾਹ ਦਿੰਦਿਆਂ ਦੱਸਿਆ ਕਿ ਉਹ ਦੇਰ ਰਾਤ ਦੁਕਾਨ ਬੰਦ ਕਰਕੇ ਘਰ ਚਲੇ ਗਏ ਜਦੋਂ ਸਵੇਰੇ 9 ਵਜੇ ਉਹਨਾਂ ਨੇ ਦੁਕਾਨ ਖੋਲੀ ਤਾਂ ਪਿਛਲੇ ਪਾਸੇ ਦੁਕਾਨ ਨੂੰ ਸਨ ਲਗਾ ਕੇ ਅਣਪਛਾਤੇ ਨੌਜਵਾਨਾਂ ਵੱਲੋਂ ਦੁਕਾਨ ਅੰਦਰ ਪਿਆ ਸੋਨਾ ਚਾਂਦੀ ਨਕਦੀ ਐਲ ਈ ਡੀ ਵੀ ਆਰ ਕੈਮਰੇ ਸਮੇਤ ਆਪਣੇ ਨਾਲ ਲੈ ਗਏ। ਫਰਾਰ ਹੋ ਗਏ ਦੁਕਾਨ ਮਾਲਕ ਗੁਰਬਚਨ ਸਿੰਘ ਅਨੁਸਾਰ ਢਾਈ ਲੱਖ ਦੇ ਕਰੀਬ ਉਹਨਾਂ ਦਾ ਨੁਕਸਾਨ ਹੋਇਆ ਹੈ ਮੌਕੇ ਤੇ ਪੁੱਜੇ ਏਐਸ ਆਈ ਪਰਮਜੀਤ ਸਿੰਘ ਪੀੜਤ ਪਰਿਵਾਰ ਨੂੰ ਵਿਸ਼ਵਾਸ ਦਵਾਉਂਦਿਆਂ ਚੋਰੀ ਦਾ ਮਾਮਲਾ ਦਰਜ ਕਰ ਲਿਆ ਗਿਆ ਹੈ ਕਿਹਾ ਕਿ ਨਜਦੀਕ ਲੱਗੇ ਸੀਸੀ ਟੀਵੀ ਫੁਟੇਜ ਵੇਖ ਕੇ ਜਲਦ ਦੋਸ਼ੀਆਂ ਨੂੰ ਗ੍ਰਿਫਤਾਰ ਕਰਨਗੇ।

# ਡਾ. ਸਵਰਨਜੀਤ ਧਵਨ ਵਲੋ ਆਰਜੀ ਤੌਰ ਤੇ ਸੰਭਾਲਿਆ ਸਿਵਲ ਸਰਜਨ ਦਾ ਚਾਰਜ




**ਚੌਂਕ ਮਹਿਤਾ 2 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾ. ਸਵਰਨਜੀਤ ਧਵਨ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ਼ ਸਿਵਲ ਹਸਪਤਾਲ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਅੰਮ੍ਰਿਤਸਰ ਦਾ ਆਰਜ਼ੀ ਤੌਰ ਤੇ ਚਾਰਜ ਸੰਭਾਲਿਆ ਗਿਆ। ਇਸ ਮੌਕੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਡਾਕਟਰ ਮਦਨ ਮੋਹਨ, ਸੀਨੀਅਰ ਮੈਡੀਕਲ ਅਫ਼ਸਰ, ਡਾਕਟਰ ਰਾਕੇਸ਼ ਸ਼ਰਮਾ ਚੇਅਰਮੈਨ, ਅਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਸੁਪਰੀਟੈਂਡੰਟ ਸਿਵਲ ਹਸਪਤਾਲ ਅੰਮ੍ਰਿਤਸਰ, ਡਾਕਟਰ ਸੰਜੀਵ ਆਨੰਦ, ਫੂਡ ਕਮਿਸ਼ਨਰ ਸ੍ਰੀ ਰਾਜਿੰਦਰਪਾਲ ਸਿੰਘ, ਪ੍ਰਧਾਨ ਰਘੂ ਤਲਵਾੜ, ਅਸ਼ਵਨੀ ਕੁਮਾਰ ਫੂਡ ਅਫ਼ਸਰ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM

ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਵੱਲੋਂ ਨਸ਼ਿਆਂ ਵਿਰੁੱਧ ਵਿਆਪਕ ਜੰਗ ਦਾ ਐਲਾਨ

# ਨਸ਼ਿਆਂ ਦੀ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਪ੍ਰਤੀ ਵਿਆਪਕ ਖ਼ਾਕਾ ਤਿਆਰ

**ਅੰਮ੍ਰਿਤਸਰ, 2 ਮਈ (ਆਵਾਜ਼ਿ ਕੌਮ ਬਿਊਰੋ)**-ਤਰਨਜੀਤ ਸਿੰਘ ਸੰਧੂ ਸਮੁੰਦਰੀ ਗੁਰੂ ਨਗਰੀ ਲਈ ਆਸ ਦੀ ਕਿਰਨ ਹੈ। ਅੰਮ੍ਰਿਤਸਰ ਦੇ ਵਿਕਾਸ ਨੂੰ ਪ੍ਰਮੁੱਖ ਚੋਣ ਏਜੰਡਾ ਬਣਾਉਣ ਤੋਂ ਬਾਅਦ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਵੱਲੋਂ ਹੁਣ ਨਸ਼ਿਆਂ ਦੀ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਦਾ ਟੀਚਾ ਮਿੱਥ ਲਿਆ ਗਿਆ ਹੈ। ਉਨ੍ਹਾਂ ਵੱਲੋਂ ਸੰਜੀਦਗੀ ਅਤੇ ਜ਼ੀਰੋ ਟਾਲਰੈਂਸ ਅਪਣਾਉਂਦਿਆਂ ਨਸ਼ਿਆਂ ਵਿਰੁੱਧ ਵਿਆਪਕ ਜੰਗ ਦਾ ਐਲਾਨ ਕਰ ਦਿੱਤਾ ਗਿਆ ਹੈ। ਉਨ੍ਹਾਂ ਅੰਮ੍ਰਿਤਸਰ ਨੂੰ ਨਸ਼ਾ ਮੁਕਤ ਬਣਾਉਣ ਲਈ ਮਿਲ ਕੇ ਕੰਮ ਕਰਨ ਦਾ ਸਦਾ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਲੱਗੀ ਨਸ਼ਿਆਂ ਦੀ ਲਤ ਛਡਵਾਉਣ ਲਈ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੇ ਨਾਲ ਅਸਰਦਾਇਕ ਵਿਦੇਸ਼ੀ ਦਵਾਈਆਂ ਦੀ ਵਰਤੋਂ ਕੀਤੀ ਜਾਵੇਗੀ। ਨਸ਼ਿਆਂ ਦੇ ਪ੍ਰਭਾਵ ਤੋਂ ਨੌਜਵਾਨਾਂ ਨੂੰ ਮੁਕਤ ਕਰਦਿਆਂ ਉਨ੍ਹਾਂ ਨੂੰ ਸਮਾਜ 'ਚ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਚੰਗੀ ਪੜਾਈ, ਚੰਗੀਆਂ ਨੌਕਰੀਆਂ ਅਤੇ ਰੁਜ਼ਗਾਰ ਮੁਹੱਈਆ ਕਰਾਉਣ ਦਾ ਵੀ ਵਾਅਦਾ ਕੀਤਾ ਹੈ। ਉੱਥੇ ਹੀ ਨਸ਼ੇ ਦੇ ਧੰਦੇ 'ਚ ਲੱਗੇ ਅਨਸਰਾਂ ਖ਼ਿਲਾਫ ਸਖ਼ਤ ਕਾਰਵਾਈ ਨੂੰ ਅੰਜਾਮ ਦੇਣ ਦਾ ਵੀ ਭਰੋਸਾ ਦਿੱਤਾ ਹੈ।




ਸੰਧੂ ਸਮੁੰਦਰੀ ਨੇ ਆਪਣੇ ਅਧਿਕਾਰਤ ਫੇਸਬੁਕ ਅਕਾਊਂਟ 'ਤੇ ਇਕ ਵੀਡੀਓ ਵਾਇਰਲ ਕਰਦਿਆਂ ਅੰਮ੍ਰਿਤਸਰ ਵਾਸੀਆਂ ਨੂੰ ਦੱਸਿਆ ਕਿ ਚੋਣ ਪ੍ਰਚਾਰ ਦੌਰਾਨ ਉਹ ਪਿੰਡਾਂ ਅਤੇ ਸ਼ਹਿਰਾਂ ਵਿੱਚ ਆਪਣੀਆਂ ਜਿਨ੍ਹਾਂ ਭੈਣਾਂ ਅਤੇ ਮਾਵਾਂ ਨੂੰ ਮਿਲਿਆ, ਉਨ੍ਹਾਂ ਨੇ ਸਭ ਤੋਂ ਵੱਡੀ ਸਮੱਸਿਆ ਹੀ ਇਹ ਦੱਸੀ ਕਿ ਕੋਈ ਵੀ ਘਰ ਨਸ਼ਾ ਮੁਕਤ ਨਹੀਂ ਹੈ। ਜਾਂ ਜਿਨ੍ਹਾਂ ਨੂੰ ਡਰ ਹੈ ਕਿ ਨਸ਼ੇ ਸਾਡੇ ਘਰਾਂ ਵਿੱਚ ਵੜ ਸਕਦੇ ਹਨ। ਸੰਧੂ ਨੇ ਕਿਹਾ ਕਿ ਇਸ ਦੀ ਗੰਭੀਰਤਾ ਬਾਰੇ ਖੁੱਲ੍ਹ ਕੇ ਗੱਲ ਕਰਨ ਦਾ ਹੁਣ ਸਮਾਂ ਆ ਗਿਆ ਹੈ ਅਤੇ ਨਸ਼ਾ ਮੁਕਤ ਅੰਮ੍ਰਿਤਸਰ ਬਣਾਉਣ ਲਈ ਮਿਲ ਕੇ ਕੰਮ ਕੀਤਾ ਜਾਵੇ।

ਸੰਧੂ ਸਮੁੰਦਰੀ ਨੇ ਕਿਹਾ ਕਿ ਬਹੁਤ ਸਾਰੇ ਅਜਿਹੇ ਤਰੀਕੇ ਹਨ ਜਿਨ੍ਹਾਂ ਨਾਲ ਅਸੀਂ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾ ਸਕਦੇ ਹਾਂ। ਜਿਹੜੀਆਂ ਦਵਾਈਆਂ ਉਨ੍ਹਾਂ ਨੂੰ ਇਸ ਵੇਲੇ ਦਿੱਤੀਆਂ ਜਾਂਦੀਆਂ ਹਨ, ਉਹ ਬਲੈਕ ਵਿੱਚ ਵਿਕਦੀਆਂ ਹਨ । ਜੋ ਦਵਾਈਆਂ ਉਹ ਲੈਂਦੇ ਹਨ, ਉਨ੍ਹਾਂ ਨਾਲ ਉਨ੍ਹਾਂ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਹੁੰਦਾ, ਸਗੋਂ ਵਿਗੜ ਜਾਂਦਾ ਹੈ। ਉਨ੍ਹਾਂ ਇਸ ਮਾਮਲੇ 'ਚ ਬਾਹਰਲੇ ਦੇਸ਼ਾਂ ਵੱਲੋਂ ਵਰਤਮਾਨ ਵਿੱਚ ਵਰਤੀਆਂ ਜਾ ਰਹੀਆਂ ਦਵਾਈਆਂ ਵਲ ਧਿਆਨ ਦਿਵਾਇਆ। ਅਮਰੀਕਾ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਉੱਥੇ ਜਿਹੜਾ ਸਭ ਤੋਂ ਵਧੀਆ ਡਾਕਟਰ ਰਾਹੁਲ ਗੁਪਤਾ ਹੈ ਉਹ ਸਾਡੇ ਪੰਜਾਬ ਤੋਂ ਹਨ ਅਤੇ ਉਹ ਇਸ ਮਾਮਲੇ 'ਚ ਡਟ ਕੇ ਸਾਡੀ ਮਦਦ ਲਈ ਤਿਆਰ ਹਨ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੇ ਇਲਾਜ ਲਈ ਅਮਰੀਕਾ 'ਚ ਦੋ ਤਰਾਂ ਦੀਆਂ ਦਵਾਈਆਂ ਹਨ, ਇੱਕ ਨੱਕ ਵਿੱਚ ਪਾਈ ਜਾਂਦੀ ਹੈ ਅਤੇ ਦੂਜੀ ਦਵਾਈ ਦਾ ਟੀਕਾ ਲਗਾਇਆ ਜਾਂਦਾ ਹੈ। ਉਨ੍ਹਾਂ ਕਿਹਾ ਮੈਂ ਦੋਵੇਂ ਦਵਾਈਆਂ ਅੰਮ੍ਰਿਤਸਰ ਲਿਆਵਾਂਗਾ ਅਤੇ ਮੁਫ਼ਤ ਵੰਡਾਂਗਾ।

ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਅਤੇ ਉਨ੍ਹਾਂ ਨੂੰ ਪਨਾਹ ਦੇਣ ਵਾਲਿਆਂ ਵਲ ਵੀ ਧਿਆਨ ਦਿਵਾਉਂਦਿਆਂ ਸਵਾਲ ਉਠਾਇਆ ਕਿ ਇਹ ਨਸ਼ਾ ਕਿੱਥੋਂ ਆਉਂਦਾ ਹੈ ਅਤੇ ਲੋਕਾਂ ਤੱਕ ਕੌਣ ਪਹੁੰਚਾਉਂਦਾ ਹੈ ? ਉਨ੍ਹਾਂ ਕਿਹਾ ਕਿ ਜਦੋਂ ਦੀ ਐਨਆਈਏ ਨੇ ਇਸ ਬਾਰੇ ਜਾਂਚ ਸ਼ੁਰੂ ਕੀਤੀ ਹੈ, ਸਖ਼ਤ ਕਾਰਵਾਈ ਹੋਈ ਹੈ। ਇਕ ਧੰਦੇ 'ਚ ਲੱਗੇ ਵੱਡੇ ਬੰਦੇ ਫੜੇ ਜਾ ਰਹੇ ਹਨ। ਉਨ੍ਹਾਂ ਕਿਹਾ, ਮੈਂ ਅੰਮ੍ਰਿਤਸਰ ਦੇ ਲੋਕਾਂ ਨਾਲ ਵਾਅਦਾ ਕਰਦਾ ਹਾਂ ਕਿ ਭਾਰਤ ਸਰਕਾਰ ਅਤੇ ©91 ਅਤੇ ਹੋਰ ਏਜੰਸੀਆਂ ਇਸ ਦੀ ਜੜ੍ਹ ਤੱਕ ਜਾਣਗੀਆਂ। ਜੋ ਕੋਈ ਵੀ ਨਸ਼ੇ ਦੇ ਕਾਰੋਬਾਰ ਕਰਨ ਵਾਲਿਆਂ ਨਾਲ ਜੁੜਿਆ ਹੈ ਜਾਂ ਉਨ੍ਹਾਂ ਦੀ ਕਿਸੇ ਵੀ ਤਰ੍ਹਾਂ ਦੀ ਮਦਦ ਕਰ ਰਹੇ ਹਨ, ਉਨ੍ਹਾਂ ਲੋਕਾਂ ਨੂੰ ਫੜ ਕੇ ਅੰਦਰ ਦਿਆਂਗੇ। ਉਨ੍ਹਾਂ ਕਿਹਾ ਕਿ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਲੋਕ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਬਰਬਾਦ ਕਰ ਰਹੇ ਹਨ, ਸਾਡੀਆਂ ਭੈਣਾਂ ਅਤੇ ਮਾਵਾਂ ਨੂੰ ਇਸ ਨੂੰ ਲੈ ਕੇ ਘਰ ਵਿੱਚ ਬਹੁਤ ਪ੍ਰੇਸ਼ਾਨੀ ਹੋ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਧੂ ਸਮੁੰਦਰੀ ਨੇ ਕਿਹਾ ਕਿ ਇਸ ਵੇਲੇ ਭਾਰਤ ਵਿਚ ਅਜਿਹੀ ਤਕਨਾਲੋਜੀ ਆ ਚੁੱਕੀ ਹੈ। ਜਿਸ ਦੀ ਵਰਤੋਂ ਨਾਲ ਸਰਹੱਦ 'ਤੇ ਡਰੋਨ ਰਾਹੀਂ ਹੋ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾਵੇਗਾ। ਉਨ੍ਹਾਂ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਜਿੰਨੀਆਂ ਵੀ ਸਰਕਾਰਾਂ ਆਈਆਂ, ਉਨ੍ਹਾਂ ਨੇ ਝੂਠੇ ਵਾਅਦੇ ਕੀਤੇ, ਸਾਡੀਆਂ ਪ੍ਰੇਸ਼ਾਨੀਆਂ ਘਟੀਆਂ ਨਹੀਂ। ਉਨ੍ਹਾਂ ਭਾਵਕ ਹੁੰਦਿਆਂ ਕਿਹਾ ਕਿ ਮੈਨੂੰ ਬਹੁਤ ਦੁਖ ਹੁੰਦਾ ਜਦੋਂ ਮੈ ਆਪਣੀਆਂ ਮਾਂਵਾਂ-ਭੈਣਾਂ ਨੂੰ ਮਿਲਦਾ ਹਾਂ, ਉਹ ਦੱਸਦੀਆਂ ਹਨ ਕਿ ਉਨ੍ਹਾਂ ਦੇ ਛੋਟੇ ਛੋਟੇ ਬੱਚੇ ਹਨ ਅਤੇ ਉਨ੍ਹਾਂ ਦੇ ਪਤੀ ਨਸ਼ਿਆਂ ਕਾਰਨ ਮੌਤ ਹੋ ਚੁੱਕੀ ਹੈ। ਉਹ ਆਪਣੇ ਬਚਿਆਂ ਲਈ ਵੀ ਚਿੰਤਤ ਹਨ। ਕਈ ਮਾਪੇ ਤਾਂ ਇਸ ਕਰਕੇ ਆਪਣੇ ਬਚਿਆਂ ਨੂੰ ਆਪਣੇ ਤੋਂ ਦੂਰ ਵਿਦੇਸ਼ ਭੇਜ ਰਹੇ ਹਨ ਤਾਂ ਕਿ ਉਹਨਾਂ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਲਈ ਮੈਂ ਨਸ਼ਿਆਂ ਵਿਰੁੱਧ ਜੰਗ ਦਾ ਐਲਾਨ ਕਰਦਾ ਹਾਂ। ਤੁਹਾਡੇ ਨਾਲ ਵਾਅਦਾ ਕਰਦਾ ਹਾਂ ਕਿ ਸਭ ਤੋਂ ਪਹਿਲਾਂ ਅਸੀਂ ਸਰਹੱਦ ਤੋਂ ਹੋ ਰਹੀ ਤਸਕਰੀ ਨੂੰ ਕਈ ਤਰੀਕਿਆਂ ਨਾਲ ਰੋਕਾਂਗੇ, ਅਜਿਹੀਆਂ ਗਤੀਵਿਧੀਆਂ ਵਿੱਚ ਮਦਦ ਕਰਨ ਵਾਲਿਆਂ ਨੂੰ ਫੜਾਂਗੇ ਅਤੇ ਤੀਜਾ, ਅਸੀਂ ਸਹੀ ਇਲਾਜ ਲਈ ਵਿਦੇਸ਼ ਤੋਂ ਦਵਾਈਆਂ ਲਿਆ ਕੇ ਇੱਥੇ ਮੁਫ਼ਤ ਵੰਡਾਂਗੇ। ਇਸ ਤੋਂ ਬਾਅਦ 'ਮੇਕ ਇਨ ਇੰਡੀਆ' ਤਹਿਤ ਇਹ ਦਵਾਈਆਂ ਅੰਮ੍ਰਿਤਸਰ ਵਿਚ ਵੀ ਤਿਆਰ ਕਰਾਂਗੇ । ਇਸ ਕੰਮ ਵਿਚ ਸਾਡੇ ਭਾਈਚਾਰੇ ਦੇ ਬਹੁਤ ਸਾਰੇ ਲੋਕ ਜੋ ਅਮਰੀਕਾ ਬੈਠੇ ਹਨ, ਉਹ ਡਾਕਟਰ ਸਾਡੀ ਮਦਦ ਕਰਨ ਲਈ ਤਿਆਰ ਹਨ। ਸਭ ਤੋਂ ਵੱਡੀ ਗੱਲ ਇਹ ਹੈ ਕਿ ਅਸੀਂ ਨਸ਼ਾ ਕਰਨ ਵਾਲੇ ਬੱਚਿਆਂ ਨੂੰ ਸਮਾਜ ਵਿੱਚੋਂ ਬਾਹਰ ਨਹੀਂ ਕੱਢਾਂਗੇ। ਅਸੀਂ ਉਨ੍ਹਾਂ ਲਈ ਨੌਕਰੀਆਂ ਦਾ ਪ੍ਰਬੰਧ ਕਰਾਂਗੇ ਜੋ ਆਪਣਾ ਸਟਾਰਟ-ਅੱਪ ਖੋਲ੍ਹਣਾ ਚਾਹੁੰਦੇ ਹਨ ਉਨ੍ਹਾਂ ਨੂੰ ਪੈਸਾ ਲਿਆ ਕੇ ਦਿਆਂਗੇ। ਸਾਡੀ ਕੋਸ਼ਿਸ਼ ਰਹੇਗੀ ਕਿ ਇਨ੍ਹਾਂ ਬੱਚਿਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਸਨਮਾਨ ਜਨਕ ਜੀਵਨ ਦਾ ਮੁੜ ਅਵਸਰ ਮਿਲੇ। ਉਨ੍ਹਾਂ ਦੀ ਸਿੱਖਿਆ ਵਧੀਆ ਕਾਲਜਾਂ, ਵਧੀਆ ਯੂਨੀਵਰਸਿਟੀਆਂ ਵਿੱਚ ਹੋਣੀ ਚਾਹੀਦੀ ਹੈ। ਜਿਨ੍ਹਾਂ ਬਚਿਆਂ ਨੇ ਡਿਗਰੀ ਲੈਣ ਲਈ ਵਿਦੇਸ਼ ਜਾਣਾ ਹੈ, ਉਨ੍ਹਾਂ ਨੂੰ ਉਹ ਹੀ ਡਿੱਗਰੀਆਂ ਇੱਥੇ ਹੀ ਮਿਲਣ। ਅਸੀਂ ਬੱਚਿਆਂ ਨੂੰ ਵਜ਼ੀਫ਼ੇ ਵੀ ਦਿਵਾਵਾਂਗੇ। ਅਖੀਰ ਚ ਸੰਧੂ ਸਮੁੰਦਰੀ ਨੇ ਕਹਾ ਕਿ ਨਸ਼ਿਆਂ ਨਾਲ ਉੱਜੜੇ ਪਰਿਵਾਰਾਂ ਦੇ ਦਰਦ ਨੂੰ ਮੈਂ ਮਹਿਸੂਸ ਕਰ ਦਾ ਹਾਂ। ਇਲਾਜ਼ ਨਸ਼ਿਆਂ ਦਾ ਖਾਤਮਾ ਹੈ।

ਅਸੀਂ ਦ੍ਰਿੜਤਾ ਅਤੇ ਇੱਕਜੁੱਟਤਾ ਦੇ ਨਾਲ ਨਸ਼ਿਆਂ ਖਿਲਾਫ ਵਿਆਪਕ ਜੰਗ ਲੜਾਂਗੇ। ਜਿਸ ਵਿੱਚ ਅਸੀਂ ਸਾਰੇ ਬਿਨ੍ਹਾਂ ਸ਼ੱਕ ਜਿੱਤ ਕੇ ਰਹਾਂਗੇ।

**ਨਸ਼ਿਆਂ ਦੇ ਧੰਦੇ ਨਾਲ ਜੁੜੇ ਲੋਕਾਂ ਨੂੰ ਕਿਸੇ ਵੀ ਹਾਲਤ 'ਚ ਬਖ਼ਸ਼ਿਆ ਨਹੀਂ ਜਾਵੇਗਾ**

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ

# 41 ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਆਰੰਭ





ਫ਼ਿਰੋਜ਼ਪੁਰ, 2 ਮਈ (ਮਨੋਹਰ ਲਾਲ) :— ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ 41 ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਗੁਰਦੁਆਰਾ ਮਾਈ ਰਾਮ ਦੇਵੀ ਦਿੱਲੀ ਗੇਟ ਵਿਖੇ ਆਰੰਭ ਕਰਵਾਏ ਗਏ। ਇਸ ਮੌਕੇ ਤੇ ਪਾਠ ਦੀ ਆਰੰਭਤਾ ਪ੍ਰਧਾਨ ਹਰਜੀਤ ਸਿੰਘ, ਖਜਾਨਚੀ ਸਰਬਜੀਤ ਸਿੰਘ, ਸਕੱਤਰ ਬੀਬੀ ਜ਼ਸਵੰਤ ਕੌਰ, ਹੈਡ ਗ੍ਰੰਥੀ ਭਾਈ ਅਵਤਾਰ ਸਿੰਘ, ਸੁਮਿਤ ਕੁਮਾਰ, ਸੁਰਿੰਦਰ ਸੋਢੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਸਾਹਿਬਾਨਾਂ ਨੇ ਪਾਠ ਦੀ ਆਰੰਭਤਾ ਕਰਵਾਈ। ਇਥੇ ਇਹ ਦਸਣਯੋਗ ਹੈ ਕਿ ਧਾਰਮਿਕਤਾ ਦਾ ਸਿਟਾ ਦਿੰਦੇ ਆ ਰਹੇ ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਸ਼ਹੀਦੀ ਗੁਰਪੁਰਬ ਦੇ ਸਬੰਧ ਵਿਚ ਧਾਰਮਿਕ ਸਮਾਗਮ ਕਰਵਾਇਆ ਜਾਂਦਾ ਹੈ। ਇਸ ਮੌਕੇ ਤੇ ਵੱਡੀ ਗਿਣਤੀ ਵਿਚ ਜੁੜੀ ਸੰਗਤ ਨਾਲ ਵਿਚਾਰ ਕਰਦਿਆਂ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੇ ਜਿਥੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਦਿੱਤੀ ਸ਼ਹਾਦਤ ਤੋਂ ਜਾਣੂ ਕਰਵਾਇਆ, ਉਥੇ ਗੁਰੂ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸਾਏ ਮਾਰਗ ਤੇ ਚੱਲਣ ਦਾ ਹੋਕਾ ਦਿੰਦੇ ਹੋਏ ਮਨੁੱਖਤਾ ਦੇ ਭਲੇ ਲਈ ਕਾਰਜ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਮੁੱਖ ਰੱਖਦਿਆਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 41 ਦਿਨ ਦੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਹੁੰਦੇ ਹਨ। ਭਾਈ ਅਵਤਾਰ ਸਿੰਘ ਫੌਜੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਜ਼ੋਤ ਪਿਛਲੇ 37 ਸਾਲਾਂ ਤੋਂ ਬਿਰਾਜਮਾਨ ਹੈ, ਗੁਰੂ ਦੀਆਂ ਸੰਗਤਾਂ ਦੂਰੋਂ ਨੇੜਿਓ ਆ ਕੇ ਸ਼ਹੀਦ ਸਿੰਘਾਂ ਦੀ ਜ਼ੋਤੀ ਦੇ ਦਰਸ਼ਨ ਦੀਦਾਰੇ ਕਰਦੀਆਂ ਹਨ ਅਤੇ ਆਪਣੇ ਪਰਿਵਾਰਾਂ ਸਮੇਤ ਸਰਬੱਤ ਦੇ ਭਲੇ ਦੀ ਅਰਦਾਸ ਬੇਨਤੀ ਕਰਦੀਆਂ ਹਨ, ਜਿਨ੍ਹਾਂ ਨੂੰ ਗੁਰੂ ਘਰ ਦੀਆਂ ਖੁਸ਼ੀਆਂ ਵੀ ਪ੍ਰਾਪਤ ਹੁੰਦੀਆਂ ਹਨ। ਭਾਈ ਅਵਤਾਰ ਸਿੰਘ ਫੌਜੀ ਨੇ ਅੱਗੇ ਦੱਸਿਆ ਕਿ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਆਰੰਭ ਸ਼ਾਮ ਚਾਰ ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 6 ਵਜੇ ਤੱਕ ਹੁੰਦਾ ਹੈ, ਜਿਸ ਉਪਰੰਤ ਅਰਦਾਸ ਕਰਕੇ ਜੁੜੀਆਂ ਸੰਗਤਾਂ ਨੂੰ ਚਾਹ ਆਦਿ ਦੇ ਲੰਗਰ ਛਕਾਏ ਜਾਂਦੇ ਹਨ। ਭਾਈ ਅਵਤਾਰ ਸਿੰਘ ਫੌਜੀ ਨੇ ਸਮੂਹ ਦੂਰੋ ਨੇੜਿਓ ਆਈਆਂ ਸੰਗਤਾਂ ਨੂੰ ਬੇਨਤੀ ਕੀਤੀ ਖਾਸ ਕਰਕੇ ਬੀਬੀਆਂ ਨੂੰ ਬੇਨਤੀ ਕੀਤੀ ਕਿ ਉਹ ਹਰ ਰੋਜ਼ ਸ਼ਾਮ ਚਾਰ ਵਜੇ ਗੁਰਦੁਆਰਾ ਸਾਹਿਬ ਵਿਚ ਪਹੁੰਚ ਕੇ ਸ਼ਾਮ 6 ਵਜੇ ਤੱਕ ਸੁਖਮਣੀ ਸਾਹਿਬ ਜੀ ਦੇ ਪਾਠ ਵਿਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸੀਨੀਅਰ ਸੈਕੰਡਰੀ ਸਕੂਲ ਚੂੰਗ ਦਾ ਬਾਰਵੀਂ ਨਤੀਜਾ 100% ਰਿਹਾ



ਚੌਕ ਮਹਿਤਾ 2 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)ਇਲਾਕੇ ਦੀ ਨਾਮਵਾਰ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀ. ਸੈ. ਸਕੂਲ, ਚੂੰਘ ਦਾ ਬੋਰਡ ਕਲਾਸਾਂ ਦਾ ਨਤੀਜਾ ਹਰ ਸਾਲ ਦੀ ਤਰਾਂ 100% ਰਿਹਾ ਅਤੇ ਬਹੁਤ ਹੀ ਸ਼ਾਨਦਾਰ ਰਿਹਾ। +2 ਦੇ ਸਲਾਨਾ ਨਤੀਜੇ ਵਿੱਚ ਨਾਨ-ਮੈਡੀਕਲ ਗਰੁੱਪ ਦੇ ਵਿੱਚ ਜੈਸਮੀਨ ਕੌਰ ਨੇ 95.6%, ਸਿਮਰਤੀ ਸਹਿਗਲ ਨੇ 95% ਅਤੇ ਨੂਰਪ੍ਰੀਤ ਕੌਰ ਨੇ 94.8% ਨੰਬਰ ਲੈ ਕੇ ਪਹਿਲੇ ਦਰਜਾ ਹਾਸਿਲ ਕੀਤਾ। ਇਸ ਤੋਂ ਇਲਾਵਾ ਮੈਡੀਕਲ ਗਰੁੱਪ ਵਿੱਚ ਨੂਰਪ੍ਰੀਤ ਕੌਰ ਨੇ 95.8%, ਰੇਵਨਪ੍ਰੀਤ ਕੌਰ ਨੇ 95.4% ਅਤੇ ਸਿਮਰਨਜੀਤ ਕੌਰ ਨੇ 94.4% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਇਹਨਾਂ ਤੋਂ ਇਲਾਵਾ 25 ਬੱਚਿਆਂ ਨੇ 90% ਤੋਂ ਜਿਆਦਾ ਅੰਕ ਲਏ। ਕਾਮਰਸ ਗਰੁੱਪ ਵਿੱਚ ਰਾਜਦੀਪ ਸਿੰਘ ਨੇ 95.4%, ਅਨੂਪੀਤ ਕੌਰ ਨੇ 94.4% ਅਤੇ ਅੰਮ੍ਰਿਤਪਾਲ ਸਿੰਘ ਨੇ 94% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਕਾਮਰਸ ਗਰੁੱਪ ਵਿੱਚ 19 ਬੱਚਿਆਂ ਨੇ 90% ਤੋਂ ਜਿਆਦਾ ਨੰਬਰ ਹਾਸਿਲ ਕੀਤੇ। ਇਥੇ ਇਹ ਵੀ ਦੱਸਣਯੋਗ ਹੈ ਕਿ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ ਸੀ ਅਤੇ 5 ਵਿਦਿਆਰਥੀਆਂ ਨੇ ਪੰਜਾਬ ਮੈਰਿਟ ਵਿੱਚ ਆਪਣੀ ਜਗ੍ਹਾ ਬਣਾਈ ਸੀ। ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ ਵਿਦਿਆਰਥੀਆਂ ਅਤੇ ਓਹਨਾ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਓਹਨਾ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਮੰਤੇਸ਼ ਕੁਮਾਰ, ਪਰਮਿੰਦਰ ਕੌਰ, ਹਰਮਿੰਦਰ ਕੌਰ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੋਨੀ ਅਜਨਾਲੇ ਦਾ ਬਿਆਨ ਸਿੱਖ ਫਲੱਫਸੇ ਵਿਰੁੱਧ ਅਤੇ ਮੁਆਫੀ ਲਾਇਕ ਨਹੀਂ : ਸਰਨਾ

ਨਵੀਂ ਦਿੱਲੀ 2 ਮਈ (ਮਨਪ੍ਰੀਤ ਸਿੰਘ ਖਾਲਸਾ):- ਭਾਜਪਾ ਆਗੂ ਅਮਰਦੀਪ ਸਿੰਘ ਬੋਨੀ ਅਜਨਾਲਾ ਨੇ ਜੋ ਬੀਜੇਪੀ ਦੀ ਇਕ ਰੈਲੀ ਵਿਚ ਸ੍ਰੀ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਦੀਪ ਸਿੰਘ ਸੰਧੂ ਦੀ ਹਾਜ਼ਰੀ ਵਿੱਚ ਬਿਆਨ ਦਿੱਤਾ ਹੈ ਜੋ ਕਿ ਬਹੁਤ ਹੀ ਮੰਦਭਾਗਾ ਹੈ ।



ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਅਸੀਂ ਤਾਂ ਬਹੁਤ ਪਹਿਲਾਂ ਤੋਂ ਮਹਿਸੂਸ ਕਰ ਰਹੇ ਹਾਂ ਕਿ ਜਿਹੜਾ ਵੀ ਆਗੂ ਭਾਜਪਾ 'ਚ ਜਾਂਦਾ ਹੈ । ਉਹ ਆਪਣੇ ਧਰਮ ਤੇ ਫ਼ਲਸਫ਼ੇ ਤੋਂ ਦੂਰ ਹੁੰਦਾ ਜਾਂਦਾ ਹੈ । ਠੀਕ ਏਸੇ ਤਰ੍ਹਾਂ ਹੁਣ ਬੋਨੀ ਅਜਨਾਲੇ ਨੇ ਵੀ ਧਰਮ ਛੱਡ ਦਿੱਤਾ ਹੈ । ਸਾਨੂੰ ਬਾਣੀ ਉਪਦੇਸ਼ ਕਰਦੀ ਹੈ ਕਿ

**ਕਬੀਰ ਸਾਕਤ ਸੰਗੁ ਨ ਕੀਜੀਐ ਦੂਰਹਿ ਜਾਈਐ ਭਾਗਿ ॥**
**ਬਾਸਨੁ ਕਾਰੋ ਪਰਸੀਐ ਤਉ ਕਛੁ ਲਾਗੈ ਦਾਗੁ ॥**

ਇਹ ਸਾਰੇ ਉਸੇ ਤਰਾਂ ਦਾਗ.ੀ ਹੋ ਰਹੇ ਹਨ । ਇਸਨੇ ਜਿਹੜਾ ਵੋਟਾਂ ਖਾਤਰ ਜੋ ਬਿਆਨ ਦਿੱਤਾ ਹੈ ਕਿ ਸਿੱਖੀ ਛੋਟੀ ਹੈ ਤੇ ਇਸਾਈਅਤ ਵੱਡੀ ਹੈ । ਇਹ ਬਹੁਤ ਮੰਦਭਾਗਾ ਹੈ ਤੇ ਇੱਕ ਸਿੱਖ ਦਿਸਦੇ ਬੰਦੇ ਲਈ ਗੁਨਾਹ ਬਰਾਬਰ ਹੈ । ਕੋਈ ਵੀ ਧਰਮ ਅਬਾਦੀ ਦੇ ਹਿਸਾਬ ਨਾਲ ਜਾਂ ਨਵੇਂ ਪੁਰਾਣੇ ਦੇ ਹਿਸਾਬ ਨਾਲ ਛੋਟਾ ਵੱਡਾ ਨਹੀਂ ਹੁੰਦਾ । ਹਰ ਧਰਮ ਦੀ ਆਪਣੀ ਹੀ ਪਛਾਣ ਅਤੇ ਫ਼ਲਸਫ਼ਾ ਹੈ। ਬੋਨੀ ਅਜਨਾਲੇ ਨੇ ਅਜਿਹਾ ਬਿਆਨ ਦੇ ਕੇ ਆਪਣੇ ਅੰਦਰਲੀ ਮਾਨਸਿਕਤਾ ਜ਼ਾਹਰ ਕਰ ਦਿੱਤੀ ਹੈ ਕਿ ਹੁਣ ਤੱਕ ਸਿੱਖੀ ਦੇ ਭੇਸ ਵਿੱਚ ਸਿਰਫ ਸਿਆਸੀ ਲਾਹੇ ਲਈ ਹੀ ਵਿਚਰ ਰਿਹਾ ਸੀ । ਜਿਕਰਯੋਗ ਹੈ ਕਿ ਬੋਨੀ ਅਜਨਾਲਾ ਸੰਸਦ ਮੈਂਬਰ ਰਤਨ ਸਿੰਘ ਅਜਨਾਲਾ ਦੇ ਪੁੱਤਰ ਹਨ। ਉਹ ਸ਼੍ਰੋਮਣੀ ਅਕਾਲੀ ਦਲ ਤੋਂ ਵਿਧਾਇਕ ਰਹਿ ਚੁੱਕੇ ਹਨ ਤੇ ਉਨ੍ਹਾਂ ਨੇ ਹਾਲ ਹੀ ਵਿੱਚ ਅਕਾਲੀ ਦਲ ਛੱਡ ਦਿੱਤਾ ਸੀ।

# ਗਿਆਨਾ ਵਿਖੇ ਸਵੀਪ ਟੀਮ ਵੱਲੋਂ ਜਾਗਰੂਕਤ ਕੈਂਪ ਆਯੋਜਿਤ




ਤਲਵੰਡੀ ਸਾਬੋ, 2 ਮਈ (ਗੁਰਜੰਟ ਸਿੰਘ ਨਥੇਹਾ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ. ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਤੇ ਉਪ ਮੰਡਲ ਮੈਜਿਸਟ੍ਰਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਦੀ ਅਗਵਾਈ ਹੇਠ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ 94 ਤਲਵੰਡੀ ਸਾਬੋ ਦੇ ਪਿੰਡ ਗਿਆਨਾ ਵਿਖੇ ਸਵੀਪ ਟੀਮ ਵਲੋਂ ਸਵੀਪ ਗਤੀਵਿਧੀਆਂ ਸਬੰਧੀ ਸ਼ਪੈਸਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਸਵੀਪ ਟੀਮ ਮੈਂਬਰਾਂ ਵੱਲੋਂ ਲੋਕਾਂ ਨੂੰ ਬਿਨਾਂ ਕਿਸੇ ਡਰ, ਲਾਲਚ ਅਤੇ ਦਬਾਅ ਤੋਂ ਲਗਾਤਾਰ ਵੱਧ ਤੋਂ ਵੱਧ ਵੋਟਾਂ ਪਾਉਣ ਤੇ ਪਵਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਇਸ ਮੌਕੇ ਨਵੀਂ ਵੋਟ ਬਣਾਉਣ ਦੇ ਤਰੀਕਿਆਂ ਸਬੰਧੀ ਵਿਸ਼ੇਸ਼ ਪੈਂਫਲਿਟ ਵੰਡੇ ਗਏ ਅਤੇ ਚੋਣ ਕਮਿਸ਼ਨ ਵੱਲੋਂ 4 ਮਈ ਤੱਕ ਵੋਟ ਬਨਾਉਣ ਦੇ ਦਿੱਤੇ ਮੌਕੇ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ ਗਈ। ਇਸ ਮੌਕੇ ਸਵੀਪ ਨੋਡਲ ਅਫਸਰ ਤਲਵੰਡੀ ਸਾਬੋ ਸ਼੍ਰੀ ਚੰਦਰ ਸ਼ੇਖਰ ਵੱਲੋਂ ਪਿੰਡ ਗਿਆਨਾ ਦੇ ਬੂਥ ਲੈਵਲ ਅਫ਼ਸਰਾਂ ਦੀ ਮੱਦਦ ਨਾਲ ਵੋਟਰ ਹੈਲਪਲਾਈਨ ਐਪ ਤੇ ਪੰਜੀਕਰਨ ਹੋਣ ਦੇ ਨੁਕਤੇ ਸਾਂਝੇ ਕੀਤੇ ਗਏ ਅਤੇ ਪਿੰਡਾਂ ਦੀਆਂ ਸੱਥਾ, ਚੌਰਾਹਿਆਂ ਤੇ ਹੋਰ ਸਾਂਝੀਆਂ ਥਾਵਾਂ 'ਤੇ ਆਮ ਪਬਲਿਕ ਨੂੰ ਵੱਧ ਚੜ੍ਹ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪੂਰੀ ਸਮਝ ਨਾਲ ਈ.ਵੀ.ਐਮ ਅਤੇ ਵੀਵੀਪੈਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਜਾਗਰੂਕਤਾ ਕੈਂਪ ਦੌਰਾਨ ਹਾਜ਼ਰੀਨ ਨੂੰ ਵੋਟ ਦੀ ਮਹੱਤਤਾ ਬਾਰੇ ਦਸਦਿਆਂ ਕਿਹਾ ਕਿ ਇੱਕ-ਇੱਕ ਵੋਟ ਲੋਕਤੰਤਰ ਨੂੰ ਮਜ਼ਬੂਤ ਬਣਾ ਸਕਦੀ ਹੈ। ਇਸ ਮੁਹਿੰਮ ਵਿੱਚ ਟੀਮ ਮੈਬਰਾਂ ਲਖਵੀਰ ਸਿੰਘ, ਅਮਨਜੋਤ ਕੌਰ, ਗੁਰਪ੍ਰੀਤ ਕੌਰ, ਰਣਜੀਤ ਸਿੰਘ ਅਤੇ ਵਿਸ਼ਵਦੀਪ ਸਿੰਘ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਿਸ਼ਾਹੀਣ, ਕੰਮਜੋਰ, ਸਿਧਾਤਿਕ ਤੇ ਇਖਲਾਕੀ ਸੋਚ ਦੀ ਦੁਸਮਣ, ਘੱਟ ਗਿਣਤੀਆਂ ਦਾ ਕਤਲੇਆਮ ਕਰਨ ਵਾਲੀ

# ਬੀਜੇਪੀ-ਆਰ.ਐਸ.ਐਸ ਨੂੰ ਆਪਣੇ ਵੋਟ ਹੱਕ ਰਾਹੀ ਕਰਾਰੀ ਹਾਰ ਦਿੱਤੀ ਜਾਵੇ: ਮਾਨ

**ਨਵੀਂ ਦਿੱਲੀ, 2 ਮਈ (ਮਨਪ੍ਰੀਤ ਸਿੰਘ ਖਾਲਸਾ):-** "ਇੰਡੀਆਂ ਵਿਚ ਬੀਤੇ 10 ਸਾਲਾਂ ਤੋਂ ਸੈਂਟਰ ਵਿਚ ਬੀਜੇਪੀ- ਆਰ.ਐਸ.ਐਸ ਦੀ ਮੁਤੱਸਵੀ ਹਕੂਮਤ ਚੱਲਦੀ ਆ ਰਹੀ ਹੈ । ਪਰ ਇਨ੍ਹਾਂ 10 ਸਾਲਾਂ ਵਿਚ ਇਨ੍ਹਾਂ ਵੱਲੋਂ ਮੁਲਕ ਦੀਆਂ ਸਮਾਜਿਕ, ਇਖਲਾਕੀ ਕਦਰਾਂ ਕੀਮਤਾਂ ਨੂੰ ਮਜ਼ਬੂਤ ਕਰਨ ਜਾਂ ਮੁਲਕ ਨਿਵਾਸੀਆਂ ਦੀ ਮਾਲੀ ਹਾਲਤ ਨੂੰ ਮਜ਼ਬੂਤ ਕਰਨ ਲਈ ਕੋਈ ਵੀ ਅਮਲ ਜਾਂ ਪ੍ਰੋਗਰਾਮ ਨਹੀ ਦਿੱਤਾ ਗਿਆ । ਬਲਕਿ ਲੰਮੇ ਸਮੇਂ ਤੋਂ ਸਾਜਸੀ ਢੰਗਾਂ ਰਾਹੀ ਵੱਖ-



ਵੱਖ ਕੌਮਾਂ, ਧਰਮਾਂ, ਕਬੀਲਿਆ, ਆਦਿਵਾਸੀਆਂ ਆਦਿ ਨਾਲ ਜ਼ਬਰ ਜੁਲਮ ਕਰਦੇ ਹੋਏ ਅਤੇ ਇਨ੍ਹਾਂ ਵਿਚ ਨਫਰਤ ਪੈਦਾ ਕਰਦੇ ਹੋਏ ਲੜਾਈਆ ਕਰਵਾਉਣ ਅਤੇ ਸਮਾਜਿਕ ਮਾਹੌਲ ਨੂੰ ਗੰਧਲਾ ਕਰਨ ਦੇ ਹੀ ਦੁੱਖਦਾਇਕ ਅਮਲ ਹੁੰਦੇ ਆ ਰਹੇ ਹਨ । ਇਥੋ ਤੱਕ ਇਹ ਹੁਕਮਰਾਨ ਆਪਣੀਆ ਏਜੰਸੀਆ ਰਾਹੀ ਬਾਹਰਲੇ ਮੁਲਕਾਂ ਅਤੇ ਇੰਡੀਆਂ ਵਿਚ ਸਿੱਖਾਂ ਨੂੰ ਨਿਸ਼ਾਨਾਂ ਬਣਾਕੇ ਕਤਲ ਕਰਦੇ ਆ ਰਹੇ ਹਨ । ਅਸਾਮ, ਬਿਹਾਰ, ਵੈਸਟ ਬੰਗਾਲ, ਛੱਤੀਸਗੜ੍ਹ, ਝਾਂਰਖੰਡ, ਉੜੀਸਾ, ਮਿਜੋਰਮ, ਮੇਘਾਲਿਆ ਆਦਿ ਸੂਬਿਆਂ ਵਿਚ ਪਹਾੜਾਂ ਅਤੇ ਜੰਗਲਾਂ ਵਿਚ ਵੱਸਣ ਵਾਲੇ ਆਦਿਵਾਸੀਆਂ ਦੇ ਆਮਦਨ ਦੇ ਵਸੀਲੇ ਖੋਹਕੇ ਉਨ੍ਹਾਂ ਨਾਲ ਘੋਰ ਵਿਧਾਨਿਕ ਤੇ ਸਮਾਜਿਕ ਵਿਤਕਰੇ ਕਰਦੇ ਆ ਰਹੇ ਹਨ । ਮੁਸਲਮਾਨਾਂ ਉਤੇ ਜੰਮੂ ਕਸਮੀਰ ਵਿਚ ਅਫਸਪਾ ਵਰਗਾਂ ਕਾਲਾ ਕਾਨੂੰਨ ਲਾਗੂ ਕਰਕੇ ਉਨ੍ਹਾਂ ਦੇ ਬੱਚਿਆਂ, ਬੀਬੀਆਂ, ਨੌਜਵਾਨਾਂ ਦਾ ਨਿਰੰਤਰ ਕਤਲੇਆਮ ਕਰਦੇ ਆ ਰਹੇ ਹਨ । ਇਹ ਹੋਰ ਵੀ ਦੁੱਖ ਤੇ ਅਫਸੋਸ ਵਾਲੀ ਕਾਰਵਾਈ ਹੈ ਜੋ ਇੰਡੀਆ ਦੀ ਸੁਪਰੀਮ ਕੋਰਟ ਇਸ ਵਿਧਾਨ ਦੀ ਰਖਵਾਲੀ ਹੈ, ਉਹ ਇਹ ਸਭ ਕੁਝ ਗੈਰ ਕਾਨੂੰਨੀ ਅਤੇ ਗੈਰ ਸਮਾਜਿਕ ਹੁੰਦੇ ਆ ਰਹੇ ਹਕੂਮਤੀ ਅਮਲਾਂ ਨੂੰ ਕਾਨੂੰਨੀ ਪ੍ਰਕਿਰਿਆ ਰਾਹੀ ਰੋਕਣ ਦੇ ਫਰਜ ਅਦਾ ਕਰਨ ਦੀ ਬਜਾਇ ਮੂਕ ਦਰਸ਼ਕ ਬਣਕੇ ਦੇਖਦੀ ਆ ਰਹੀ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਸੈਂਟਰ ਦੀ ਬੀਜੇਪੀ-ਆਰ.ਐਸ.ਐਸ ਦੀ ਮੋਦੀ ਹਕੂਮਤ ਦੇ 10 ਸਾਲਾਂ ਦੇ ਰਾਜ ਭਾਗ ਦੌਰਾਨ ਇਥੋ ਦੇ ਮੁਲਕ ਨਿਵਾਸੀਆ ਦੀ ਜਿੰਦਗੀ ਨੂੰ ਬਿਹਤਰ ਬਣਾਉਣ ਦੀ ਬਜਾਇ ਜਾਣਬੁੱਝ ਕੇ ਸਾਜਸੀ ਢੰਗਾਂ ਰਾਹੀ ਮਸਲਿਆ ਨੂੰ ਉਲਝਾਉਣ ਅਤੇ ਘੱਟ ਗਿਣਤੀ ਕੌਮਾਂ, ਆਦਿਵਾਸੀਆ, ਦਲਿਤਾਂ, ਨਕਸਲਾਈਟਾਂ ਆਦਿ ਨੂੰ ਗੈਰ ਵਿਧਾਨਿਕ ਢੰਗਾਂ ਰਾਹੀ ਕਤਲੇਆਮ ਕਰਨ ਤੇ ਜ਼ਬਰ ਢਾਹੁਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਇਨ੍ਹਾਂ ਦੀਆਂ ਇਨਸਾਨੀਅਤ ਮਾਰੂ ਨੀਤੀਆ ਨੂੰ ਸ਼ਰਮਨਾਕ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਇਕ ਪਾਸੇ ਤਾਂ 1962 ਦੀ ਚੀਨ-ਇੰਡੀਆ ਜੰਗ ਸਮੇਂ ਇੰਡੀਆਂ ਦਾ 40000 ਸਕੇਅਰ ਵਰਗ ਕਿਲੋਮੀਟਰ ਚੀਨ ਨੂੰ ਗੁਆਇਆ ਇਲਾਕਾ, 2020 ਅਤੇ 2022 ਵਿਚ 8000 ਸਕੇਅਰ ਵਰਗ ਕਿਲੋਮੀਟਰ ਇਲਾਕਾ ਵਾਪਸ ਲੈਣ ਦੀ ਤਾਂ ਗੱਲ ਨਹੀ ਕਰ ਰਹੇ ਲੇਕਿਨ ਉਸੇ ਚੀਨ ਨਾਲ ਸਭ ਤਰ੍ਹਾਂ ਦਾ ਵਪਾਰ ਕਰਕੇ ਹੋਰ ਵੀ ਸ਼ਰਮਨਾਕ ਅਮਲ ਕੀਤੇ ਜਾ ਰਹੇ ਹਨ । ਜਦੋਕਿ ਅਸੀ ਲੰਮੇ ਸਮੇ ਤੋ ਜਮਹੂਰੀਅਤ ਤੇ ਵਿਧਾਨਿਕ ਢੰਗਾਂ ਰਾਹੀ ਸਰਹੱਦਾਂ ਖੋਲਣ ਦੀ ਇਸ ਲਈ ਮੰਗ ਕਰਦੇ ਆ ਰਹੇ ਹਾਂ ਤਾਂ ਕਿ ਇਥੋ ਦੀਆਂ ਜਿੰਮੀਦਾਰਾਂ ਦੀਆਂ ਫਸਲਾਂ ਤੇ ਵਪਾਰੀਆ ਦੇ ਉਤਪਾਦਾਂ ਨੂੰ ਮੱਧ ਏਸੀਆ ਅਤੇ ਅਰਬ ਮੁਲਕਾਂ ਵਿਚ ਸਹੀ ਕੀਮਤਾਂ ਤੇ ਵੇਚਕੇ ਇਥੋ ਦੀ ਮਾਲੀ ਹਾਲਤ ਨੂੰ ਮਜਬੂਤ ਕੀਤਾ ਜਾ ਸਕੇ । ਇਸੇ ਤਰ੍ਹਾਂ ਇਨ੍ਹਾਂ ਨੇ ਹਿੰਦੂ-ਮੁਸਲਿਮ ਵਿਚ ਨਫਰਤ ਨੂੰ ਵਧਾਉਣ ਹਿੱਤ ਉਨ੍ਹਾਂ ਦੇ ਧਾਰਮਿਕ ਸਥਾਂਨ ਬਾਬਰੀ ਮਸਜਿਦ ਨੂੰ ਢਹਿ ਢੇਰੀ ਕਰਕੇ ਆਪਣੀ ਸੋਚ ਦੇ ਜੱਜਾਂ ਰਾਹੀ ਫੈਸਲਾ ਕਰਕੇ ਰਾਮ ਮੰਦਰ ਬਣਵਾਇਆ । ਜੋ ਫ਼ੋਜ ਦੀ ਭਰਤੀ ਕੇਵਲ 4 ਸਾਲ ਲਈ ਕੀਤੀ ਗਈ ਹੈ ਉਸ ਨਾਲ ਤਾਂ 4 ਸਾਲਾਂ ਵਿਚ ਇਕ ਸਿਪਾਹੀ ਪਹਾੜੀ ਇਲਾਕੇ, ਜੰਗਲ ਦੇ ਇਲਾਕੇ ਅਤੇ ਸਹਿਰਾਂ ਦੀਆਂ ਜੰਗਾਂ ਦੀ ਤਕਨੀਕ ਅਤੇ ਫ਼ੌਜੀ ਹਥਿਆਰਾਂ ਦੀ ਪੂਰਨ ਰੂਪ ਵਿਚ ਸਖਲਾਈ ਵੀ ਪੂਰੀ ਨਹੀ ਕਰ ਸਕਦਾ । ਕਿ ਜੋ ਇਨ੍ਹਾਂ ਦੇ ਥੋੜ੍ਹੇ ਬਹੁਤੇ ਰਨਵੇਅ ਬਣੇ ਹੋਏ ਹਨ, ਉਨ੍ਹਾਂ ਉਤੇ ਬੰਬ ਸੁੱਟਕੇ ਉਨ੍ਹਾਂ ਨੂੰ ਤੋੜਨ ਲੱਗੇ ਹੋਏ ਹਨ ਫਿਰ ਜਹਾਜ ਕਿਵੇ ਚੜ੍ਹਨਗੇ ਅਤੇ ਕਿਵੇ ਲੈਂਡ ਕਰਨਗੇ ? ਇਹ ਹੁਕਮਰਾਨ ਆਪਣੇ ਪ੍ਰਚਾਰ ਸਾਧਨਾਂ ਰਾਹੀ ਸਵੱਛਤਾ ਦਾ ਬਹੁਤ ਵੱਡਾ ਪ੍ਰਚਾਰ ਕਰ ਰਹੇ ਹਨ ਜਦੋਕਿ ਇਥੇ ਹਰ ਸ਼ਹਿਰ, ਪਿੰਡ ਵਿਚ ਗੰਦਗੀ ਫੈਲੀ ਹੋਈ ਹੈ, ਆਪਣੀ ਗੰਗਾਂ ਮਾਤਾ ਦੇ ਨਾਮ ਨਾਲ ਚੱਲ ਰਹੀ ਨਦੀ ਦੀ ਵੀ ਸਫਾਈ ਨਹੀ ਕਰਵਾ ਸਕੇ । ਗੰਦ ਐਨਾ ਫੈਲਿਆ ਹੋਇਆ ਹੈ ਕਿ ਇਨ੍ਹਾਂ ਦੀ ਗਊ ਜਿਸ ਨੂੰ ਇਹ ਆਪਣੀ ਮਾਤਾ ਕਹਿੰਦੇ ਹਨ ਉਹ ਲਿਫਾਫੇ ਤੇ ਪਲਾਸਟਿਕ ਖਾਂ ਕੇ ਆਪਣਾ ਢਿੱਡ ਭਰ ਰਹੀ ਹੈ । ਇਥੋ ਦੇ ਬੱਚਿਆਂ ਨੂੰ ਦਿੱਤੀ ਜਾਣ ਵਾਲੀ ਤਾਲੀਮ, ਰਸੋਈ ਗੈਸ, ਰਸੋਈ ਵਿਚ ਵਰਤੋ ਆਉਣ ਵਾਲੀਆ ਰੋਜਾਨਾ ਦੀਆਂ ਵਸਤਾਂ ਦਾਲਾ, ਖੰਡ, ਘੀਓ ਆਦਿ ਸਭ ਦੀ ਕੀਮਤ ਅਸਮਾਨ ਛੂ ਰਹੀ ਹੈ । ਫਿਰ ਇਹ ਆਪਣੇ 10 ਸਾਲਾਂ ਦੇ ਮੀਡੀਏ ਵਿਚ ਕਾਮਯਾਬੀਆ ਦੇ ਸੋਹਲੇ ਕਿਸ ਦਲੀਲ ਅਧੀਨ ਗਾ ਤੇ ਪ੍ਰਚਾਰ ਕਰ ਰਹੇ ਹਨ ? ਕਹਿਣ ਤੋ ਭਾਵ ਹੈ ਕਿ ਬੀਜੇਪੀ-ਆਰ.ਐਸ.ਐਸ. ਦੀ ਸਰਕਾਰ ਹਰ ਤਰਫੋ ਪੂਰੀ ਤਰ੍ਹਾਂ ਅਸਫਲ ਹੋ ਚੁੱਕੀ ਹੈ । ਇਸ ਲਈ ਸਾਡੀ ਮੁਲਕ ਨਿਵਾਸੀਆ ਨੂੰ ਅਪੀਲ ਹੈ ਕਿ ਉਹ ਇਸ ਦਿਸ਼ਾਹੀਣ, ਕੰਮਜੋਰ, ਸਿਧਾਤਿਕ ਤੇ ਇਖਲਾਕੀ ਸੋਚ ਦੀ ਦੁਸਮਣ, ਘੱਟ ਗਿਣਤੀਆ ਦਾ ਕਤਲੇਆਮ ਕਰਨ ਵਾਲੀ ਬੀਜੇਪੀ-ਆਰ.ਐਸ.ਐਸ ਨੂੰ ਆਪਣੇ ਵੋਟ ਹੱਕ ਰਾਹੀ ਕਰਾਰੀ ਹਾਰ ਦਿੱਤੀ ਜਾਵੇ ।

ਬੀ ਜੇ ਪੀ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਨੂੰ ਘੁਮਾਣ ਵਿੱਚ ਕਿਸਾਨ ਜਥੇਬੰਦੀਆਂ ਨੇ ਦਿਖਾਈਆਂ ਕਾਲੀਆਂ ਝੰਡੀਆਂ

# ਕੇਂਦਰ ਸਰਕਾਰ ਖਿਲਾਫ ਕੀਤੀ ਜੰਮਕੇ ਨਾਅਰੇਬਾਜ਼ੀ






**ਸ਼੍ਰੀ ਹਰਗੋਬਿੰਦਪੁਰ ਸਾਹਿਬ, 2 ਮਈ (ਕੁਲਜੀਤ ਸਿੰਘ ਖੋਖਰ)-** ਅੱਜ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਕਸਬਾ ਘੁਮਾਣ ਵਿੱਚ ਭਾਰਤੀ ਜਨਤਾ ਪਾਰਟੀ ਦੇ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਅਤੇ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦਾ ਸੰਯੁਕਤ ਕਿਸਾਨ ਮੋਰਚੇ ਦੀਆਂ ਸਮੂਹ ਜਥੇਬੰਦੀਆ ਵਲੋ ਕਾਲੀਆਂ ਝੰਡੀਆਂ ਵਿਖਾਈਆਂ ਗਈਆਂ ਅਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਜ਼ਿਕਰਯੋਗ ਹੈ ਕਿ ਅੱਜ ਬੀ ਜੇ ਪੀ ਵੱਲੋਂ ਕਸਬਾ ਘੁਮਾਣ ਵਿੱਚ ਇੱਕ ਮੀਟਿੰਗ ਰੱਖੀ ਗਈ ਸੀ ਜਿਸ ਵਿੱਚ ਅਨੀਤਾ ਸੋਮ ਪ੍ਰਕਾਸ਼ ਅਤੇ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਆਏ ਸਨ ਰਸਤੇ ਵਿੱਚ ਸੈਂਕੜੇ ਕਿਸਾਨ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਸਵੇਰ ਤੋਂ ਹੀ ਰਸਤੇ ਵਿੱਚ ਖੜ੍ਹੇ ਸਨ ਡੀਐਸਪੀ ਸ਼੍ਰੀ ਹਰਗੋਬਿੰਦਪੁਰ ਸਾਹਿਬ ਰਜੇਸ਼ ਕੱਕੜ ਅਤੇ ਸਮੂਹ ਸੀਨੀਅਰ ਅ਼ਫਸਰਾ ਵੱਲੋਂ ਬੜੀ ਸੂਝਬੂਝ ਨਾਲ ਜਥੇਬੰਦੀਆਂ ਦੇ ਆਗੂਆਂ ਨਾਲ਼ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਅਤੇ ਸੋਮ ਪ੍ਰਕਾਸ਼ ਨਾਲ਼ ਗੱਲਬਾਤ ਕਰਵਾਈ ਕਿਸਾਨਾਂ ਦੇ ਤਿੱਖੇ ਸਵਾਲਾਂ ਤੇ ਉਮੀਦਵਾਰ ਅਸਮਰੱਥ ਦਿਖਾਈ ਦਿੰਦੇ ਕਿਸਾਨਾਂ ਵੱਲੋਂ ਲਗਾਤਾਰ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਫੌਜੀ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਖਾਨਪੁਰ ਰਾਜੂ ਔਲਖ ਕਾਮਰੇਡ ਸੁਰਜੀਤ ਸਿੰਘ ਸਾਹਬ ਸਿੰਘ ਘੁਮਾਣ ਅਮਰੀਕ ਸਿੰਘ ਮੀਕੇ ਸਰਵਣ ਸਿੰਘ ਤਲਵੰਡੀ ਹਰਵਿੰਦਰ ਸਿੰਘ, ਰਾਜਾ ਸੈਣੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ

## ਘੁਮਾਣ ਕਸਬਾ ਪੁਲਿਸ ਛਾਉਣੀ ਵਿੱਚ ਤਬਦੀਲ

## ਸ਼ਹੀਦ ਬੀਬੀਆਂ ਦੀ ਗਾਥਾ "ਕੌਰਨਾਮਾ" ਕਿਤਾਬ ਸ਼ਹੀਦ ਭਾਈ ਪੰਜਵੜ੍ਹ ਦੇ ਸ਼ਹੀਦੀ ਸਮਾਗਮ 'ਤੇ ਕੀਤੀ ਜਾਵੇਗੀ ਜਾਰੀ



**ਨਵੀਂ ਦਿੱਲੀ, 2 ਮਈ (ਮਨਪ੍ਰੀਤ ਸਿੰਘ ਖਾਲਸਾ):-** ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਪ੍ਰੇਰਨਾ ਨਾਲ ਲਿਖੀ ਗਈ ਕਿਤਾਬ "ਕੌਰਨਾਮਾ, ਖਾੜਕੂ ਸੰਘਰਸ਼ ਦੀਆਂ ਸ਼ਹੀਦ ਬੀਬੀਆਂ ਦੀ ਗਾਥਾ" ਇਤਿਹਾਸਕ ਧਰਤੀ ਪਿੰਡ ਪੰਜਵੜ੍ਹ ਤੋਂ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਪਹਿਲੇ ਸ਼ਹੀਦੀ ਸਮਾਗਮ 'ਤੇ 6 ਮਈ ਨੂੰ ਜਾਰੀ ਕੀਤੀ ਜਾਵੇਗੀ। ਖਾੜਕੂ ਸੰਘਰਸ਼ ਦੀਆਂ ਸ਼ਹੀਦ ਸਿੰਘਣੀਆਂ ਬਾਰੇ ਲਿਖਤੀ ਦਸਤਾਵੇਜ਼ ਦਾ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦਾ ਸੁਪਨਾ ਹੋਣ ਕਾਰਣ 'ਕੌਰਨਾਮਾ' ਉਹਨਾਂ ਨੂੰ ਸਮਰਪਿਤ ਹੈ। ਇਹਨਾਂ ਵਿਚਾਰ ਦਾ ਪ੍ਰਗਟਾਵਾ ਖਾੜਕੂ ਸੰਘਰਸ਼ ਦੇ ਆਗੂ ਭਾਈ ਦਲਜੀਤ ਸਿੰਘ ਨੇ ਭਾਈ ਪੰਜਵੜ੍ਹ ਦੀ ਪਹਿਲੀ ਬਰਸੀ ਦੇ ਪ੍ਰਬੰਧਾਂ ਸਬੰਧੀ ਬਠਿੰਡਾ ਵਿਖੇ ਬੁਲਾਈ ਇਕ ਬੈਠਕ ਦੌਰਾਨ ਕੀਤਾ। ਜਾਰੀ ਇਕ ਪ੍ਰੈਸ ਬਿਆਨ 'ਚ ਭਾਈ ਦਲਜੀਤ ਸਿੰਘ ਨੇ ਦੱਸਿਆ ਕਿ ਖਾੜਕੂ ਸੰਘਰਸ਼ ਦੀਆਂ ਸ਼ਹੀਦ ਸਿੰਘਣੀਆਂ ਬਾਰੇ ਖੋਜ ਪੜ੍ਹਤਾਲ ਤੇ ਲਿਖਣ ਦਾ ਕਾਰਜ ਭਾਈ ਪੰਜਵੜ੍ਹ ਦੇ ਜਿਉਂਦਿਆ ਹੀ ਚਾਰ ਕੁ ਸਾਲ ਪਹਿਲਾਂ ਸ਼ੁਰੂ ਕਰਵਾਇਆ ਗਿਆ ਸੀ ਪਰ ਉਹ ਆਪਣੀ ਖਾਹਿਸ਼ ਆਪਣੇ ਜਿਉਂਦਿਆ ਜੀਅ ਪੂਰੀ ਨਾ ਹੁੰਦੀ ਦੇਖ ਸਕੇ, ਵਾਹਿਗੁਰੂ ਦੀ ਰਜ਼ਾ ਜੋ ਸੀ। ਉਹਨਾਂ ਦੱਸਿਆ ਕਿ ਇਸ ਕਿਤਾਬ ਬਾਰੇ ਖੋਜ ਪੜ੍ਹਤਾਲ ਤੇ ਲਿਖਣ ਦੀ ਜਿੰਮੇਵਾਰ ਬਲਜਿੰਦਰ ਸਿੰਘ ਕੋਟਭਾਰਾ ਦੀ ਲੱਗੀ, ਜੋ ਇਸਨੂੰ ਬਾਖੂਬੀ ਨਿਭਾ ਰਿਹਾ ਹੈ।

ਇਸ ਮੌਕੇ ਉਘੇ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਤੇ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਭਾਈ ਪੰਜਵੜ੍ਹ ਦੇ ਸ਼ਹੀਦੀ ਸਮਾਗਮ ਦੌਰਾਨ, ਇਹ ਕਿਤਾਬ ਉਹਨਾਂ ਸ਼ਹੀਦ ਸਿੰਘਣੀਆਂ, ਜਿਨ੍ਹਾਂ ਦੇ ਜੀਵਨ ਸੰਗਰਾਮ ਦਾ ਇਸ ਵਿਚ ਲਿਖਤੀ ਵੇਰਵਾ ਹੈ, ਨੂੰ ਸਨਮਾਨ ਦੇ ਰੂਪ 'ਚ ਭੇਟ ਕੀਤੀ ਜਾਵੇਗੀ। ਇਸ ਮੌਕੇ ਭਾਈ ਮਨਧੀਰ ਸਿੰਘ, ਬਲਜਿੰਦਰ ਸਿੰਘ ਕੋਟਭਾਰਾ, ਡਾ. ਸਿਕੰਦਰ ਸਿੰਘ, ਭਾਈ ਭਰਪੂਰ ਸਿੰਘ ਮੈਨੇਜਰ, ਭਾਈ ਰਣਜੀਤ ਸਿੰਘ ਬਿਬੇਕਗੜ੍ਹ, ਬਲਜਿੰਦਰ ਸਿੰਘ ਏਕਨੂਰ ਖਾਲਸਾ ਫੌਜ ਆਦਿ ਸਿੰਘ ਵੀ ਹਾਜ਼ਰ ਸਨ।

## ਰਾਹੁਲ ਗਾਂਧੀ ਬ੍ਰਿਗੇਡ ਦੇ ਸਾਬਕਾ ਸੂਬਾ ਮੀਤ ਪ੍ਰਧਾਨ ਨੇ ਜੀਤਮਹਿੰਦਰ ਸਿੰਘ ਸਿੱਧੂ ਨਾਲ ਕੀਤੀ ਮੁਲਾਕਾਤ



ਤਲਵੰਡੀ ਸਾਬੋ, 02 ਮਈ (ਗੁਰਜੰਟ ਸਿੰਘ ਨਥੇਹਾ)- ਰਾਹੁਲ ਗਾਂਧੀ ਬ੍ਰਿਗੇਡ ਦੇ ਸੂਬਾ ਮੀਤ ਪ੍ਰਧਾਨ ਰਹਿ ਚੁੱਕੇ ਨੌਜਵਾਨ ਕਾਂਗਰਸੀ ਆਗੂ ਬਲਜਿੰਦਰ ਸਿੰਘ ਬਹਿਮਣ ਨੇ ਅੱਜ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਅਤੇ ਉਨਾਂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ ਨਾਲ ਮੁਲਾਕਾਤ ਕਰ ਭਵਿੱਖੀ ਗਤੀਵਿਧੀਆਂ ਤੇ ਵਿਚਾਰ ਚਰਚਾ ਕੀਤੀ। ਬਲਜਿੰਦਰ ਸਿੰਘ ਬਹਿਮਣ ਨੇ ਕਿਹਾ ਕਿ ਪਾਰਟੀ ਵੱਲੋਂ ਨਿਧੜਕ ਸਿਆਸਤਦਾਨ ਜੀਤਮਹਿੰਦਰ ਸਿੰਘ ਸਿੱਧੂ ਨੂੰ ਚੋਣ ਮੈਦਾਨ 'ਚ ਉਤਾਰਨ ਉਪਰੰਤ ਹੁਣ ਜਿਲ੍ਹਾ ਕਾਂਗਰਸ ਕਮੇਟੀ ਬਠਿੰਡਾ (ਦਿਹਾਤੀ) ਪ੍ਰਧਾਨ ਖੁਸ਼ਬਾਜ ਸਿੰਘ ਜਟਾਣਾ ਵੱਲੋਂ ਚੋਣ ਪਿੜ 'ਚ ਕੁੱਦਣ ਪਿੱਛੋਂ ਨਾ ਕੇਵਲ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਸਗੋਂ ਸਮੁੱਚੇ ਖੇਤਰ 'ਚ ਚੋਣ ਮੁਹਿੰਮ ਨੇ ਤੇਜ਼ੀ ਫੜ ਲਈ ਹੈ ਉਨਾਂ ਦੱਸਿਆ ਕਿ ਅੱਜ ਮੁਲਾਕਾਤ ਦੌਰਾਨ ਉਨਾਂ ਨੇ ਸਿੱਧੂ ਪਰਿਵਾਰ ਨੂੰ ਯਕੀਨ ਦਵਾਇਆ ਕਿ ਉਹ ਪਾਰਟੀ ਲੀਡਰਸ਼ਿਪ ਵੱਲੋਂ ਲਗਾਈ ਹਰ ਡਿਊਟੀ ਨੂੰ ਬਾਖੂਬੀ ਨਿਭਾਉਦਿਆਂ ਪਾਰਟੀ ਦੀ ਜਿੱਤ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ। ਮੁਲਾਕਾਤ ਦੌਰਾਨ ਸੀ. ਕਾਂਗਰਸੀ ਆਗੂ ਹਰਪ੍ਰੀਤ ਸਿੰਘ ਸੀਂਗੋ ਅਤੇ ਹੈਪੀ ਸਿੰਘ ਬਹਿਮਣ ਆਦਿ ਵੀ ਮੌਜੂਦ ਰਹੇ।

## ਰੋਟਰੀ ਕਲੱਬ ਵਲੋ ਮਨਾਇਆ ਗਿਆ ਧਰਤੀ ਦਿਵਸ ਤੇ ਮਜ਼ਦੂਰ ਦਿਵਸ

**ਚੌਂਕ ਮਹਿਤਾ, 2 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵਲੋ ਸ਼੍ਰੀ ਗੁਰੂ ਹਰਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਦੇ ਸਹਿਯੋਗ ਨਾਲ ਧਰਤੀ ਦਿਵਸ ਅਤੇ ਮਜ਼ਦੂਰ ਦਿਵਸ ਮਨਾਉਣ ਲਈ ਸਾਂਝੇ ਤੌਰ 'ਤੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ ਪੰਜਵੀਂ ਅਤੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਪੇਪਰ ਰੀਡਿੰਗ ਮੁਕਾਬਲਾ ਕਰਵਾਇਆ ਗਿਆ ਅੰਕੁਰ ਗੁਪਤਾ ਨੇ ਕਿਰਤ ਦਿਵਸ ਅਤੇ ਕਿਰਤ ਕਾਨੂੰਨਾਂ ਦੇ ਇਤਿਹਾਸ' ਤੇ ਇੱਕ ਭਾਸ਼ਣ ਦਿੱਤਾ ਜੋ ਮੈਂਬਰਾਂ ਅਤੇ ਵਿਦਿਆਰਥੀਆਂ ਦੋਵਾਂ ਲਈ ਕਾਫ਼ੀ ਜਾਣਕਾਰੀ ਭਰਪੂਰ ਸੀ ਕੰਮਕਾਜੀ ਸ਼੍ਰੇਣੀ ਦੇ 10 ਮੈਂਬਰਾਂ ਅਤੇ ਸਕੂਲ ਦੇ ਯੋਗ ਸਹਾਇਕ ਸਟਾਫ ਨੂੰ ਮਜ਼ਦੂਰ ਦਿਵਸ ਮਨਾਉਣ ਲਈ ਤੋਹਫ਼ੇ ਦਿੱਤੇ ਗਏ ਸਨ। ਮੀਡੀਆ ਨਾਲ ਗੱਲ ਕਰਦੇ ਹੋਏ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਦੇ ਪ੍ਰਧਾਨ ਕਮ ਪ੍ਰਿੰਸੀਪਲ ਰਿਪੂਦਮਨ ਕੌਰ ਮਲਹੋਤਰਾ ਨੇ ਇਨ੍ਹਾਂ ਦੋ ਦਿਨਾਂ ਦੀ ਮਹੱਤਤਾ ਬਾਰੇ ਦੱਸਿਆ। ਧਰਤੀ ਦੀ ਮਾਂ ਨੂੰ ਪ੍ਰਦੂਸ਼ਣ ਤੋਂ ਬਚਾਓ ਸੈਕਟਰੀ ਆਰਟੀਐਨ ਡਾ ਏ ਐਸ ਸਚਦੇਵਾ ਨੇ ਧੰਨਵਾਦ ਦਾ ਵੋਟ ਦਿੱਤਾ ਇਸ ਮੌਕੇ ਰੁਪਿੰਦਰ ਕਟਾਰੀਆ, ਆਰਟੀਐਨ ਟੀ ਐਸ ਸੋਖੀ, ਆਰਟੀਐਨ ਜਗਜੀਤ ਸਿੰਘ, ਆਰਟੀਐਨ ਇੰਜੀ ਐਸ ਸਿੱਧੂ, ਐਮਆਈ ਐਚ ਪੀ ਐਸ ਚੁਗ ਡਾ ਐਸ ਐਸ ਬਸਰਾ, ਗੌਰਵ ਅਤੇ ਪਵਨ ਕਪੂਰ ਵੀ ਹਾਜ਼ਰ ਸਨ।



### ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੀ ਲਹਿਰ ਨੂੰ ਪ੍ਰਚੰਡ ਕਰਨ ਵਾਸਤੇ


# ਧਰਮ ਪ੍ਰਚਾਰ ਦਾ ਖੋਲ੍ਹਿਆ ਸਬ-ਦਫ਼ਤਰ

## ਧਰਮ ਪ੍ਰਚਾਰ ਦੀ ਸਾਰੀ ਜਿੰਮੇਵਾਰੀ ਹਰਿਆਣਾ ਕਮੇਟੀ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਸੌਂਪੀ ਗਈ





**ਸਿਰਸਾ/ਤਲਵੰਡੀ ਸਾਬੋ, 02 ਮਈ (ਗੁਰਜੰਟ ਸਿੰਘ ਨਥੇਹਾ)-** ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੀ ਲਹਿਰ ਨੂੰ ਪ੍ਰਚੰਡ ਕਰਨ ਵਾਸਤੇ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਸੂਰਤਗੜੀਆ ਬਾਜ਼ਾਰ ਸਿਰਸਾ ਵਿਖੇ ਧਰਮ ਪ੍ਰਚਾਰ ਦਾ ਸਬ ਦਫ਼ਤਰ ਖੋਲਿਆ ਗਿਆ ਜਿਸ ਦਾ ਉਦਘਾਟਨ ਬਾਬਾ ਜਗਤਾਰ ਸਿੰਘ ਜੀ ਕਾਰ ਸੇਵਾ ਸਿਰਸਾ, ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ, ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅੰਤ੍ਰਿੰਗ ਕਮੇਟੀ ਜਰਨਲ ਹਾਊਸ ਦੇ ਮੈਂਬਰਾਂ ਵੱਲੋਂ ਆਪਣੇ ਕਰ-ਕਮਲਾਂ ਨਾਲ ਕੀਤਾ ਗਿਆ। ਕਮੇਟੀ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਨੇ ਆਖਿਆ ਕਿ ਧਰਮ ਪ੍ਰਚਾਰ ਦੀ ਸਾਰੀ ਜਿੰਮੇਵਾਰੀ ਹਰਿਆਣਾ ਕਮੇਟੀ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਸੌਂਪੀ ਗਈ ਹੈ ਕਿਉਂਕਿ ਇਨਾਂ ਦਾ ਧਰਮ ਪ੍ਰਚਾਰ ਖੇਤਰ ਦੇਸ਼ ਵਿਦੇਸ਼ ਦੇ ਅੰਦਰ ਵੱਡਾ ਯੋਗਦਾਨ ਹੈ ਜਥੇਦਾਰ ਦਾਦੂਵਾਲ ਜੀ ਆਪਣੀ ਸੁਚੱਜੀ ਦੇਖ ਰੇਖ ਵਿੱਚ ਧਰਮ ਪ੍ਰਚਾਰ ਨੂੰ ਜਿੱਥੇ ਦੁਨੀਆਂ ਭਰ ਵਿੱਚ ਕਰ ਰਹੇ ਹਨ ਉੱਥੇ ਹਰਿਆਣਾ ਸੂਬੇ ਵਿੱਚ ਵੀ ਵਧੀਆ ਤਰੀਕੇ ਦੇ ਨਾਲ ਕਰਨਗੇ ਤੇ ਹਰਿਆਣਾ ਕਮੇਟੀ ਧਰਮ ਪ੍ਰਚਾਰ ਦੇ ਨਾਲ ਨਾਲ ਗੁਰੂਘਰਾਂ ਦੇ ਪ੍ਰਬੰਧ ਨੂੰ ਸੁਚੱਜਾ ਕਰਨ ਵੱਲ ਧਿਆਨ ਦੇ ਰਹੀ ਹੈ। ਜਥੇਦਾਰ ਦਾਦੂਵਾਲ ਵੱਲੋਂ ਕਿਹਾ ਗਿਆ ਕੇ ਹਰਿਆਣਾ ਕਮੇਟੀ ਦੇ ਪਿਛਲੇ ਸਮੇਂ ਜੋ ਕਮੀਆਂ ਪੇਸ਼ੀਆਂ ਰਹਿ ਗਈਆਂ ਸਨ ਉਨਾਂ ਨੂੰ ਦੂਰ ਕਰਨ ਦਾ ਯਤਨ ਕੀਤਾ ਜਾ ਰਿਹਾ ਜਿਨਾਂ ਭਾਵਨਾ ਨੂੰ ਲੈ ਕੇ ਹਰਿਆਣੇ ਦੀਆਂ ਸਿੱਖ ਸੰਗਤਾਂ ਨੇ ਹਰਿਆਣਾ ਕਮੇਟੀ ਵਾਸਤੇ ਸੰਘਰਸ਼ ਕੀਤਾ, ਜੇਲਾਂ ਕੱਟੀਆਂ, ਮੁਕਦਮੇ ਝੱਲੇ, ਸੜਕਾਂ ਰੋਕੀਆਂ ਸਨ ਅੱਜ ਹਰਿਆਣਾ ਕਮੇਟੀ ਉਨਾਂ ਭਾਵਨਾਵਾਂ ਤੇ ਖਰੇ ਉਤਰਨ ਦਾ ਯਤਨ ਕਰ ਰਹੀ ਹੈ ਪਿਛਲੇ ਦਿਨੀ ਜੋ ਹਰਿਆਣਾ ਕਮੇਟੀ ਵੱਲੋਂ ਆਪਣੇ ਤਿੰਨ ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀ ਫੀਸ ਮੁਆਫ ਕੀਤੀ ਗਈ ਹੈ ਤੇ ਆਪਣੇ ਦੋਵਾਂ ਕਾਲਜਾਂ ਵਿੱਚ ਅੰਮ੍ਰਿਤਧਾਰੀ ਬੱਚਿਆਂ ਨੂੰ ਵਜ਼ੀਫੇ ਦਿੱਤੇ ਗਏ ਹਨ ਇਸ ਦੀ ਸੰਸਾਰ ਭਰ ਵਿੱਚ ਭਰਪੂਰ ਸਲਾਘਾ ਹੋ ਰਹੀ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਧਰਮ ਪ੍ਰਚਾਰ ਦੀ ਲਹਿਰ ਨੂੰ ਪੂਰੇ ਹਰਿਆਣੇ ਵਿੱਚ ਪ੍ਰਚੰਡ ਕਰਨ ਵਾਸਤੇ ਤਿੰਨ ਸਬ ਦਫ਼ਤਰ ਖੋਲੇ ਜਾ ਰਹੇ ਹਨ ਅੱਜ ਪਹਿਲਾ ਦਫਤਰ ਸਿਰਸਾ ਵਿਖੇ ਖੋਲਿਆ ਗਿਆ ਤੇ ਦੂਸਰਾ ਸਬ ਦਫ਼ਤਰ ਗੁਰਦੁਆਰਾ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾਂ ਵਿਖੇ ਖੋਲਿਆ ਜਾਵੇਗਾ। ਤੀਸਰਾ ਸਬ ਦਫ਼ਤਰ ਗੁਰਦੁਆਰਾ ਮੰਜੀ ਸਾਹਿਬ ਜੀਂਦ ਵਿਖੇ ਖੋਲਿਆ ਜਾਵੇਗਾ ਪੂਰੇ ਹਰਿਆਣੇ ਦੇ ਤਿੰਨ ਜ਼ੋਨ ਬਣਾ ਕੇ ਵੱਡੀ ਪੱਧਰ ਤੇ ਧਰਮ ਪ੍ਰਚਾਰ ਕੀਤਾ ਜਾਵੇਗਾ ਜਿੱਥੇ ਸਾਡੇ ਦਫਤਰ ਇੰਚਾਰਜ, ਕਥਾਵਾਚਕ, ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਿੰਘ ਹਾਜ਼ਰ ਰਹਿਣਗੇ ਜੋ ਪਿੰਡਾਂ ਵਿੱਚ ਜਾ ਕੇ ਧਰਮ ਦਾ ਪ੍ਰਚਾਰ ਅੰਮ੍ਰਿਤ ਸੰਚਾਰ ਦੀ ਲਹਿਰ ਨੂੰ ਪ੍ਰਚੰਡ ਕਰਨਗੇ ਉਦਘਾਟਨ ਸਮੇਂ ਪ੍ਰਧਾਨ ਅਸੰਧ, ਜਥੇਦਾਰ ਦਾਦੂਵਾਲ ਤੋਂ ਇਲਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ, ਜਥੇਦਾਰ ਬਲਦੇਵ ਸਿੰਘ ਰੈਣਵਾਲੀ ਅੰਤ੍ਰਿੰਗ ਮੈਂਬਰ, ਮੈਂਬਰ ਪਰਮਜੀਤ ਸਿੰਘ ਮਾਖਾ, ਮੈਂਬਰ ਮਾਲਕ ਸਿੰਘ ਭਾਵਦੀਨ, ਮੈਂਬਰ ਪ੍ਰਕਾਸ਼ ਸਿੰਘ ਸਾਹੂਵਾਲਾ ਵੀ ਹਾਜ਼ਰ ਸਨ। ਸ਼ਹੀਦ ਹਰਿਮੰਦਰ ਸਿੰਘ ਡੱਬਵਾਲੀ ਦੇ ਪਿਤਾ ਬਾਪੂ ਮਹਿੰਦਰ ਸਿੰਘ, ਜਥੇਦਾਰ ਸੰਤੋਖ ਸਿੰਘ ਅਮਰਾਸਰ, ਭਾਈ ਜਸਵੀਰ ਸਿੰਘ ਸੰਤਨਗਰ, ਜਸਪਾਲ ਸਿੰਘ ਸਿਰਸਾ ਹਰਿਆਣਾ ਕਮੇਟੀ ਦੇ ਚੀਫ ਸਕੱਤਰ ਜਸਵਿੰਦਰ ਸਿੰਘ ਦੀਨਪੁਰ, ਧਰਮ ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ, ਮੀਤ ਸਕੱਤਰ ਰੁਪਿੰਦਰ ਸਿੰਘ, ਮੈਨੇਜਰ ਰਜਿੰਦਰ ਸਿੰਘ, ਅਰਵਿੰਦਰ ਸਿੰਘ ਸੋਢੀ ਅਤੇ ਢਾਡੀ ਜਥਾ ਭਾਈ ਰਣਜੀਤ ਸਿੰਘ ਮੌੜ ਮੰਡੀ ਵੀ ਹਾਜ਼ਰ ਸਨ।



ਸ੍ਰੀ ਅਕਾਲ ਸਹਾਇ

ਦੇਗ਼ ਤੇਗ਼ ਫ਼ਤਹਿ॥ ਅੰਮ੍ਰਿਤ ਛਕੋ ਸਿੰਘ ਸਜੋ ਪੰਥ ਕੀ ਜੀਤ॥

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਰੂਕਸ਼ੇਤਰ ਵੱਲੋਂ

ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਸਿਰਸਾ ਵਿਖੇ

ਧਰਮ ਪ੍ਰਚਾਰ ਸਬ ਦਫਤਰ ਦਾ ਸ਼ੁਭ ਉਦਘਾਟਨ

ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ
ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਸਮੂਹ ਅਹੁਦੇਦਾਰ ਮੈਂਬਰ ਸਾਹਿਬਾਨਾਂ ਤੇ ਸੰਤ ਮਹਾਂਪੁਰਸ਼ਾਂ ਵੱਲੋਂ

ਆਪਣੇ ਕਰ ਕਮਲਾਂ ਨਾਲ 20 ਵੈਸਾਖ, ਸੰਮਤ ਨਾਨਕਸ਼ਾਹੀ 556 (ਮਿਤੀ 2 ਮਈ 2024) ਨੂੰ ਕੀਤਾ ਗਿਆ।

ਸ. ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ, ਸ. ਬਲਦੇਵ ਸਿੰਘ ਰੈਣਵਾਲੀ ਅੰਤ੍ਰਿੰਗ ਮੈਂਬਰ

ਸ. ਪ੍ਰਕਾਸ਼ ਸਿੰਘ ਸਾਹੂਵਾਲਾ ਮੈਂਬਰ, ਸ. ਮਾਲਕ ਸਿੰਘ ਭਾਵਦੀਨ ਮੈਂਬਰ, ਸ. ਪਰਮਜੀਤ ਸਿੰਘ ਮਾਖਾ ਮੈਂਬਰ

ਸ. ਰਜਿੰਦਰ ਸਿੰਘ ਮੈਨੇਜਰ
ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ
ਸਿਰਸਾ ਸਮੂੰਹ ਸਟਾਫ ਅਤੇ ਸਾਧਸੰਗਤ

ਸ. ਸਰਬਜੀਤ ਸਿੰਘ ਜੰਮੂ
ਸਕੱਤਰ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ





ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅੱਜ ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜੇ ਗੁਰਦੁਆਰਾ ਸਾਹਿਬ ਮੱਥਾ ਟੇਕਿਆ ਅਤੇ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC ਨਾਲ ਗੁਰਮਤਿ ਵਿਚਾਰ ਵਟਾਂਦਰਾ ਕੀਤਾ ਇਸ ਸਮੇਂ ਅੰਤ੍ਰਿੰਗ ਮੈਂਬਰ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ, ਅੰਤ੍ਰਿੰਗ ਮੈਂਬਰ ਜਥੇਦਾਰ ਬਲਦੇਵ ਸਿੰਘ ਰੈਣਵਾਲੀ, ਮੈਂਬਰ ਸ. ਪਰਮਜੀਤ ਸਿੰਘ ਮਾਖਾ ਵੀ ਹਾਜ਼ਰ ਸਨ ਜਥੇਦਾਰ ਦਾਦੂਵਾਲ ਜੀ ਨੇ ਪ੍ਰਧਾਨ ਜੀ ਅਤੇ ਮੈਂਬਰ ਸਾਹਿਬਾਨਾਂ ਦਾ ਸਿਰਪਾਓ ਅਤੇ ਸਨਮਾਨ ਚਿੰਨ ਦੇ ਕੇ ਵਿਸ਼ੇਸ਼ ਸਨਮਾਨ ਕੀਤਾ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਅੰਮ੍ਰਿਤਪਾਲ ਸਿੰਘ ਜੀ ਦੀ ਚੋਣ ਮੁਹਿੰਮ 'ਚ ਤੇਜ਼ੀ ਲਿਆਉਣ ਲਈ

# ਜੰਡਿਆਲਾ ਗੁਰੂ 'ਚ ਦਫ਼ਤਰ ਖੋਲਿਆ ਗਿਆ : ਬਾਬਾ ਬਿਬੇਕ ਸਿੰਘ







ਜੰਡਿਆਲਾ ਗੁਰੂ 2 ਮਈ (ਕੁਲਵੰਤ ਸਿੰਘ ਵਿਰਦੀ ) ਲੋਕ ਸਭਾ ਚੋਣਾਂ ਚ ਜਿੱਥੇ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਆਪਣੇ ਆਪਣੇ ਉਮੀਦਵਾਰ ਖਲਾਰੇ ਗਏ ਹਨ ਉੱਥੇ ਵਾਰਸ਼ ਪੰਜਾਬ ਦੀ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਵੀ ਹਲਕਾ ਸ਼੍ਰੀ ਖਡੂਰ ਸਾਹਿਬ ਤੋ ਅਜ਼ਾਦ ਉਮੀਦਵਾਰ ਵਜੋਂ ਨਾਮਜ਼ਦ ਕੀਤਾ ਗਿਆ ਹੈ ਅਤੇ ਇਸ ਵਕਤ ਪੰਥ ਦਰਦੀਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਇਸ ਮੌਕੇ ਬਾਬਾ ਬਿਬੇਕ ਸਿੰਘ ਜੀ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਨੇ ਗੱਲਬਾਤ ਦੌਰਾਨ ਕਿਹਾ ਕਿ ਵਾਰਸ ਪੰਜਾਬ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਡਿਬਰੂਗੜ ਜੇਲ੍ਹ ਅਸਾਮ 'ਚ ਐਨ ਐਸ ਏ ਅਧੀਨ ਨਜ਼ਰਬੰਦ ਕੀਤਾ ਗਿਆ ਹੈ ਅਤੇ ਭਾਰਤ ਦੇਸ਼ ਦੇ ਲੋਕਤੰਤਰ ਦੇ ਅਧੀਨ ਲੋਕ ਸਭਾ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਇਲੈਕਸ਼ਨ ਲੜਾਈ ਜਾ ਰਹੀ ਹੈ ਅਤੇ ਇਨਾਂ ਚੋਣਾਂ ਦੀ ਚੋਣ ਮੁਹਿੰਮ ਨੂੰ ਮੁੱਖ ਰੱਖਦਿਆਂ ਹੋਇਆਂ ਚੋਣਾਂ ਵਿੱਚ ਉਨ੍ਹਾਂ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਮੁੱਖ ਚੋਣ ਦਫਤਰ ਜੀ.ਟੀ.ਰੋਡ .ਜੰਡਿਆਲਾ ਗੁਰੂ ਅਨਾਜ ਮੰਡੀ ਦੇ ਸਾਹਮਣੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਖੋਲਿਆਂ ਗਿਆ ਹੈ ਅਤੇ ਐਤਵਾਰ ਬੀਬੀ ਖਾਲੜਾ ਜੀ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਜੀ ਵਿਸ਼ੇਸ਼ ਤੌਰ ਤੇ ਪਹੁੰਚ ਕੇ ਚੋਣ ਮੁਹਿੰਮ ਨੂੰ ਤੇਜ਼ ਕਰਨ ਲਈ ਅਸੀਸਾਂ ਬਖ਼ਸ਼ਣਗੇ 9 ਸਮੂਹ ਹਲ਼ਕਾ ਸ੍ਰੀ ਖਡੂਰ ਸਾਹਿਬ ਜੀ ਦੇ ਵੋਟਰਾਂ ਨੂੰ ਵੱਧ ਤੋ ਵੱਧ ਵੋਟਾਂ ਪਾਉਣ ਲਈ ਅਪੀਲ ਕੀਤੀ ਜਾਂਦੀ ਹੈ 9. ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ ਅਤੇ ਉਹਨਾਂ ਸਾਥੀ ਦਰਸ਼ਨ ਸਿੰਘ ਜਾਣੀਆਂ, ਬਲਕਾਰ ਸਿੰਘ ਬਾਲੀਆਂ ਸੋਨੂ ਭਲਵਾਨ ਧੀਰੇਕੋਟ ਅਤੇ ਹੋਰ ਇਲਾਕੇ ਸੰਗਤਾਂ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਮੌਕੇ ਤੇ,ਭਾਈ ਗੁਰਮੇਜ ਸਿੰਘ, ਭਾਈ ਸੰਤੋਖ ਸਿੰਘ ਗਹਿਰੀ ਮੰਡੀ, ਮਾਸਟਰ ਅਵਤਾਰ ਸਿੰਘ, ਭਾਈ ਹਰਭਜਨ ਸਿੰਘ ਗਹਿਰੀ ਮੰਡੀ, ਭਾਈ ਜੁਝਾਰ ਸਿੰਘ, ਭਾਈ ਅਵਤਾਰ ਸਿੰਘ ਗਹਿਰੀ ਮੰਡੀ ਅਤੇ ਹੋਰ ਵੀ ਸੰਗਤਾਂ ਵੱਲੋਂ ਹਲਕਾ ਖਡੂਹ ਸਾਹਿਬ ਤੋਂ ਆਜ਼ਾਦ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮੁੱਖ ਦਫਤਰ ਖੁੱਲਣ ਸਮੇਂ ਹਾਜ਼ਰੀ ਲਗਵਾਈ ।

**ਦਫਤਰ ਵਿਖੇ ਐਤਵਾਰ ਬੀਬੀ ਖਾਲੜਾ ਜੀ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਜੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ**

ਆਵਾਜ਼ਿ ਕੌਮ AWAZE QAUM International Newspaper & WEB TV

ਜੂਨ 84 ਦੀ 40ਵੀਂ ਵਰ੍ਹੇਗੰਢ ਤੇ ਜਰਮਨ ਦੇ ਲੋਕਾਂ ਤੇ ਸਿੱਖ ਬੱਚਿਆਂ ਨੂੰ ਭਾਰਤੀ ਹਕੂਮਤ ਦੇ ਜ਼ੁਲਮਾਂ ਬਾਰੇ ਦੱਸਣ ਲਈ

# ਲਿਟਰੇਚਰ ਤੇ ਪ੍ਰਦਰਸ਼ਨੀਆਂ ਲਗਾ ਕੇ ਚਲਾਈ ਜਾਵੇਗੀ ਜਾਗਰੂਕ ਲਹਿਰ - ਗੁਰਾਇਆ




ਨਵੀਂ ਦਿੱਲੀ 2 ਮਈ (ਮਨਪ੍ਰੀਤ ਸਿੰਘ ਖਾਲਸਾ):- ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ ਤੇ ਭਾਈ ਗੁਰਪਾਲ ਸਿੰਘ ਪਾਲ ਨੇ ਪ੍ਰੈਸ ਦੇ ਨਾ ਬਿਆਨ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਭਾਰਤੀ ਫੌਜਾਂ ਨੇ ਜੂਨ 84 ਵਿੱਚ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਸਾਹਿਬ ਜੀ ਦਾ ਸ਼ਹੀਦੀ ਪੁਰਬ ਨੂੰ ਸ਼ਰਧਾ ਭਾਵਨਾ ਨਾਲ ਮਨਾਉਣ ਲਈ ਸ੍ਰੀ ਦਰਬਾਰ ਸਾਹਿਬ ਤੇ ਹੋਰ ਇਤਿਆਸਿਕ ਗੁਰਦੁਆਰਾ ਸਾਹਿਬਾਨ ਵਿੱਚ ਇਕੱਤਰ ਹੋਈਆਂ ਸੰਗਤਾਂ ਤੇ ਪੂਰੇ ਪੰਜਾਬ ਵਿੱਚ ਕਰਫਿਊ ਲਗਾ ਕੇ ਰੂਹਾਨੀਅਤ ਦੇ ਪ੍ਰਤੀਕ ਸ੍ਰੀ ਦਰਬਾਰ ਸਾਹਿਬ ਤੇ 38 ਗੁਰਧਾਮਾਂ ਤੇ ਟੈਕਾਂ ਤੋਪਾਂ ਨਾਲ ਹਮਲਾਂ ਕਰਕੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਨੂੰ ਢਹਿ ਢੇਰੀ ਤੇ ਸ੍ਰੀ ਦਰਬਾਰ ਸਾਹਿਬ ਨੂੰ ਗੋਲੀਆਂ ਨਾਲ ਛਲਣੀ ਛਲਣੀ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ 2500 ਤੋਂ ਵੱਧ ਬੀੜਾਂ ਨੂੰ ਅਗਨ ਭੇਟ, ਹਜ਼ਾਰਾਂ ਸਿੰਘਾਂ ਸਿੰਘਣੀਆਂ ਭੁਝੰਗੀਆਂ, ਇੱਥੋ ਤੱਕ ਕਿ ਦੁੱਧ ਚੁੰਘਦੇ ਬੱਚਿਆਂ ਨੂੰ ਵੀ ਨਿਰਦਈਪੁਣੇ ਦੀਆਂ ਸਭ ਹੱਦ ਟੱਪ ਕੇ ਸ਼ਹੀਦ ਕੀਤਾ ਗਿਆ । ਹਿੰਦੋਸਤਾਨ ਦੀ ਹਕੂਮਤ ਨੇ ਜੂਨ 84 ਦਾ ਖ਼ੂਨੀ ਘੱਲੂਘਾਰਾ ਕਰਕੇ ਸਿੱਖ ਕੌਮ ਦੇ ਹਿਰਦਿਆਂ ਤੇ ਨਾਂ ਮਿਟਣ ਵਾਲੇ ਜੋ ਜ਼ਖਮ ਉੱਕਰ ਦਿੱਤੇ ਹਨ ਇਹ 40 ਸਾਲ ਬੀਤ ਜਾਣ ਤੋਂ ਬਾਅਦ ਵੀ ਜੂਨ ਦੇ ਪਹਿਲੇ ਹਫ਼ਤੇ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਵਾਲੇ ਹਰ ਗੁਰਸਿੱਖ ਮਾਈ-ਭਾਈ ਨੂੰ ਟੈਂਕ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾ ਅੰਦਰ ਨਹੀਂ ਬਲਕਿ ਆਪਣੀ ਛਾਤੀ 'ਤੇ ਚੜ੍ਹੇ ਮਹਿਸੂਸ ਹੁੰਦੇ ਹਨ ।ਤੋਪਾਂ ਦੇ ਗੋਲੇ ਅਕਾਲ ਤਖਤ ਸਾਹਿਬ 'ਤੇ ਨਹੀਂ ਸਗੋਂ ਆਪਣੇ ਸਾਰੇ ਵਜੂਦ 'ਤੇ ਡਿੱਗਦੇ ਮਹਿਸੂਸ ਹੁੰਦੇ ਹਨ। ਹਿੰਦੋਸਤਾਨ ਦੀ ਹਕੂਮਤ ਵੱਲੋਂ ਸਿੱਖਾਂ ਦੀ ਨਸਲਕੁਸ਼ੀ ਕਰਨ ਤੋਂ ਬਾਅਦ ਵੀ ਸਿੱਖ ਕੌਮ ਦੀਆਂ ਭਾਵਨਾਂ ਤੇ ਜ਼ਖਮਾਂ ਦੀ ਭਰਾਈ ਕਰਨ ਦੀ ਬਜਾਏ ਆਪਣੀ ਚਾਣਕੀਆਂ ਸਾਮ, ਭੇਦ, ਦਾਮ, ਦੰਡ ਦੀ ਨੀਤੀ ਵਰਤ ਕੇ ਇਸ ਸਾਰੇ ਕੁਝ ਨੂੰ ਭੁਲ ਜਾਣ ਤੇ ਭਲਾਉਣ ਦੀਆਂ ਸਲਾਹਾਂ ਦਿੱਤੀਆਂ ਜਾ ਰਹੀਆਂ ਹਨ ਜਿਸ ਵਿੱਚ ਸਿੱਖ ਕੌਮ ਦੇ ਮਰੀ ਹੋਈ ਜ਼ਮੀਰ ਵਾਲੇ ਆਗੂ ਵੀ ਆਪਣੇ ਨਿੱਜੀ ਸਵਾਰਥਾਂ ਦੀ ਖਾਤਰ ਕੌਮ ਨਾਲ ਹੋਏ ਇਸ ਕਹਿਰ ਨੂੰ ਭੁੱਲ ਗਏ ਹਨ ਤੇ ਕੌਮ ਨੂੰ ਭੁਲਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ ਪਰ ਜਗਦੀ ਜ਼ਮੀਰ, ਦਰਬਾਰ ਸਾਹਿਬ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸ਼ਰਧਾ ਰੱਖਣ ਵਾਲੇ ਸਿੱਖ ਹਿੰਦੋਸਤਾਨ ਦੀ ਹਕੂਮਤ ਦੇ ਜ਼ੁਲਮਾਂ ਨੂੰ ਕਦੀ ਵੀ ਨਹੀਂ ਭੁਲਾਉਣਗੇ। ਘੱਲੂਘਾਰੇ ਦੇ ਸ਼ਹੀਦਾਂ ਦੀ 40ਵੀਂ ਯਾਦ ਨੂੰ ਸਮਰਪਿਤ ਜਰਮਨ ਲੋਕਾਂ ਤੇ ਜਰਮਨ ਦੇ ਵਿੱਚ ਜਨਮੇ ਬੱਚਿਆਂ ਨੂੰ ਜਾਗਰੂਕ ਕਰਨ ਤੇ ਜਾਣਕਾਰੀ ਦੇਣ ਲਈ ਜਰਮਨ ਵਿੱਚ ਲਿਟਰੇਚਰ ਤੇ ਭਾਰਤੀ ਜ਼ੁਲਮ ਦੀਆਂ ਮੂੰਹ ਬੋਲਦੀਆਂ ਤਸਵੀਰਾਂ ਦੀਆਂ ਵੱਖ ਵੱਖ ਸ਼ਹਿਰਾਂ ਵਿੱਚ ਪ੍ਰਦਰਸ਼ਨੀਆਂ ਅਗਲੇ ਮਹੀਨਿਆਂ ਵਿੱਚ ਜਰਮਨ ਦੇ ਵੱਖ ਵੱਖ ਗੁਰੂ ਘਰਾਂ ਵਿੱਚ ਲਗਾਈਆ ਜਾਣਗੀਆਂ ਅਤੇ ਇਸ ਦਿਨ ਨੂੰ ਯਾਦ ਕਰਦਿਆਂ ਸ਼ਹੀਦੀ ਸਮਾਗਮ ਕੀਤੇ ਜਾਣਗੇ । ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਉਹ ਦਰਬਾਰ ਸਾਹਿਬ ਦੇ ਹਮਲੇ ਦੇ 40 ਸਾਲਾ ਸਮਾਗਮਾਂ ਅਤੇ ਪ੍ਰਦਰਸ਼ਨੀਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ।ਆਪਣੀ ਆਉਣ ਵਾਲੀ ਪੀੜ੍ਹੀ ਨੂੰ ਸਿੱਖਾਂ ਉੱਤੇ ਹੋਏ ਜ਼ੁਲਮ ਤੋਂ ਜਾਣੂ ਕਰਵਾਉਣ ਤੇ ਪ੍ਰਣ ਕਰਨ ਕਿ 'ਨਾਂ ਭੁੱਲੇ ਹਾਂ ਨਾਂ ਭੁਲਾਂਗੇ ਅਸੀ ਜੂਨ 84'।

ਆਵਾਜ਼ਿ ਕੌਮ AWAZE QAUM International Newspaper & WEB TV

# ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਚੌਕ ਮਹਿਤਾ ਦਾ ਬਾਰਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 2 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਕ ਦਾ ਬਾਰਵੀਂ ਸ਼੍ਰੇਣੀ ਦਾ ਬੋਰਡ ਪ੍ਰੀਖਿਆ ਦਾ ਨਤੀਜਾ ਇਸ ਵਾਰ ਵੀ ਬਹੁਤ ਸ਼ਾਨਦਾਰ ਰਿਹਾ ।ਸਕੂਲ ਵਿਦਿਆਰਥਣ ਨਵਪ੍ਰੀਤ ਕੌਰ ਨੇ 94 ਫੀਸਦੀ ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ।ਇਸੇ ਤਰਾਂ ਸਿਮਰਨਜੀਤ ਕੌਰ ਨੇ 93 ਫੀਸਦੀ ਅੰਕਾਂ ਨਾਲ ਦੂਸਰਾ ਅਤੇ ਵਰਿੰਦਰਜੀਤ ਸਿੰਘ ਨੇ 91ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਦੇ ਕੁੱਲ ਅਪੀਅਰ ਹੋਏ 32 ਵਿਦਿਆਥਰੀਆਂ ਵਿਚੋਂ 18 ਨੇ 80 ਤੋਂ 90 ਫੀਸਦੀ ਅੰਕ ਹਾਸਲ ਕੀਤੇ ।ਬਾਕੀ ਵਿਦਿਆਰਥੀ ਵੀ 75 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਿੱਚ ਸਫਲ ਰਹੇ। ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਨੇ ਸ਼ਾਨਦਾਰ ਨਤੀਜੇ ਲਈ ਸਮੂਹ ਵਿਦਿਆਰਥੀਆਂ, ਸਟਾਫ ਅਤੇ ਮਾਪਿਆਂ ਨੂੰ ਵਧਾਈ ਦਿੱਤੀ ।ਸਕੂਲ ਮੈਨੇਜਮੈਂਟ ਵਲੋਂ ਹੋਣਹਾਰ ਵਿਦਿਆਰਥੀਆਂ ਨੂੰ ਉਹਨਾਂ ਦੀ ਇਸ ਉਪਲੱਬਧੀ ਲਈ ਸਨਮਾਨਿਤ ਕਰਦਿਆਂ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।ਇਸ ਮੌਕੇ ਤੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ.ਖ਼ੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ, ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ, ਸਮੂਹ ਸਟਾਫ, ਵਿਦਿਆਰਥੀ ਅਤੇ ਉਹਨਾਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਮਲੋਆ ਦੀ ਫਰੀਦਕੋਟ ਸੀਟ ਤੋਂ ਸਮੁੱਚੀਆਂ ਪੰਥਕ ਧਿਰਾਂ ਹਮਾਇਤ ਕਰਨ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 2 ਮਈ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸਮੁੱਚੀਆਂ ਪੰਥਕ ਧਿਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਲੋਕ ਸਭਾ ਚੋਣਾਂ ਵਿੱਚ ਭਾਈ ਸਰਬਜੀਤ ਸਿੰਘ ਮਲੋਆ ਦੀ ਹਮਾਇਤ ਕਰਨ। ਉਹਨਾਂ ਦੱਸਿਆ ਕਿ ਭਾਈ ਸਰਬਜੀਤ ਸਿੰਘ ਮਲੋਆ ਜੋ ਹਲਕਾ ਫਰੀਦਕੋਟ ਤੋਂ ਲੋਕ ਸਭਾ ਚੋਣਾਂ ਵਿੱਚ ਆਜ਼ਾਦ ਉਮੀਦਵਾਰ ਹਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਭਾਈ ਸਰਬਜੀਤ ਸਿੰਘ ਮਲੋਆ ਦੇ ਪਿਤਾ ਜੀ ਸ਼ਹੀਦ ਭਾਈ ਬੇਅੰਤ ਸਿੰਘ ਮਲੋਆ ਦੀ ਵੱਡੀ ਕੁਰਬਾਨੀ ਹੈ। ਉਹਨਾਂ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਫੌਜੀ ਹਮਲਾ ਕਰਵਾਉਣ ਵਾਲੀ ਭਾਰਤ ਦੀ ਪ੍ਰਧਾਨ ਮੰਤਰੀ ਪਾਪਣ ਇੰਦਰਾ ਗਾਂਧੀ ਨੂੰ ਸੋਧ ਕੇ ਸਿੱਖ ਕੌਮ ਦਾ ਸਿਰ ਉੱਚਾ ਕੀਤਾ ਸੀ। ਇਸ ਪਰਿਵਾਰ ਦਾ ਅਸੀਂ ਕਦੇ ਵੀ ਦੇਣ ਨਹੀਂ ਦੇ ਸਕਦੇ। ਉਹਨਾਂ ਕਿਹਾ ਕਿ ਅਫਸੋਸ ਅਤੇ ਤਰਾਸਦੀ ਹੈ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਅਣਗੌਲਿਆਂ ਕਰ ਦਿੰਦੀ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜਿਵੇਂ 1989 ਦੀਆਂ ਚੋਣਾਂ ਵਿੱਚ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੀ ਸੁਪਤਨੀ ਬੀਬੀ ਬਿਮਲ ਕੌਰ ਖਾਲਸਾ ਨੂੰ ਸਮੁੱਚੀਆਂ ਖਾਲਿਸਤਾਨੀ ਜੁਝਾਰੂ ਜਥੇਬੰਦੀਆਂ ਨੇ ਰਿਕਾਰਡ ਤੋੜ ਵੋਟਾਂ ਪਵਾ ਕੇ ਜਤਾਇਆ ਸੀ ਅਤੇ ਬੀਬੀ ਬਿਮਲ ਕੌਰ ਖਾਲਸਾ ਨੇ ਪਾਰਲੀਮੈਂਟ ਵਿੱਚ ਸਿੱਖ ਕੌਮ ਦੇ ਹੱਕਾਂ ਹਕੂਕਾਂ ਦੀ ਜ਼ੋਰਦਾਰ ਆਵਾਜ਼ ਬੁਲੰਦ ਕੀਤੀ। ਸ਼ਹੀਦ ਭਾਈ ਬੇਅੰਤ ਸਿੰਘ ਦੇ ਪਿਤਾ ਜੀ ਨੂੰ ਵੀ ਖਾਲਸਾ ਪੰਥ ਨੇ ਭਰਪੂਰ ਮਾਣ ਬਖਸ਼ਿਆ ਸੀ। ਅੱਜ ਲੋੜ ਹੈ ਕਿ ਇਸੇ ਤਰ੍ਹਾਂ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਮਲੋਆ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਸਮੁੱਚੀਆਂ ਪੰਥਕ ਧਿਰਾਂ, ਸੰਪਰਦਾਵਾਂ ਉਹਨਾਂ ਨੂੰ ਸਮਰਥਨ ਦੇਣ ਅਤੇ ਭਾਈ ਸਰਬਜੀਤ ਸਿੰਘ ਮਲੋਆ ਦੇ ਮੁਕਾਬਲੇ ਕੋਈ ਵੀ ਉਮੀਦਵਾਰ ਖੜ੍ਹਾ ਨਾ ਕੀਤਾ ਜਾਵੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜਿਵੇਂ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਨੂੰ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸਮਰਥਨ ਦਿੱਤਾ ਜਾ ਰਿਹਾ ਹੈ, ਇਸੇ ਤਰ੍ਹਾਂ ਬਾਕੀ ਪੰਥਕ ਉਮੀਦਵਾਰਾਂ ਦੇ ਹੱਕ ਵਿੱਚ ਵੀ ਵੱਡੀ ਲਹਿਰ ਉਠਣੀ ਚਾਹੀਦੀ ਹੈ। ਫੈਡਰੇਸ਼ਨ ਆਗੂ ਨੇ ਕਿਹਾ ਕਿ ਅਸੀਂ ਭਾਈ ਸਰਬਜੀਤ ਸਿੰਘ ਮਲੋਆ ਦਾ ਭਰਪੂਰ ਸਮਰਥਨ ਕਰਦੇ ਹਾਂ ਅਤੇ ਉਹਨਾਂ ਦੀ ਜਿੱਤ ਦੀ ਅਰਦਾਸ ਕਰਦੇ ਹਾਂ। ਉਹਨਾਂ ਇਹ ਵੀ ਕਿਹਾ ਕਿ ਜੇਕਰ ਸੰਗਰੂਰ ਤੋਂ ਸਰਦਾਰ ਸਿਮਰਨਜੀਤ ਸਿੰਘ ਮਾਨ, ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ, ਅੰਮ੍ਰਿਤਸਰ ਤੋਂ ਈਮਾਨ ਸਿੰਘ ਮਾਨ, ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ ਅਤੇ ਲੁਧਿਆਣਾ ਤੋਂ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਛੰਦੜਾ ਸਪੁੱਤਰ ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ ਜਿੱਤਦੇ ਹਨ ਤਾਂ ਇਸ ਨਾਲ ਜਿੱਥੇ ਖਾਲਿਸਤਾਨ ਦੇ ਸ਼ਹੀਦਾਂ ਦੀ ਚਰਚਾ ਹੋਵੇਗੀ ਉੱਥੇ ਖਾਲਿਸਤਾਨ ਦਾ ਸੰਘਰਸ਼ ਵੀ ਬੁਲੰਦ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਟਰਨੈਸ਼ਨਲ ਪੰਥਕ ਦਲ ਵੱਲੋਂ ਲੋਕ ਸਭਾ ਹਲਕਾ ਫਰੀਦਕੋਟ ਤੋਂ

# ਆਜ਼ਾਦ ਉਮੀਦਵਾਰ ਭਾਈ ਸਰਬਜੀਤ ਸਿੰਘ ਮਲੋਆ ਦੀ ਹਮਾਇਤ ਦਾ ਐਲਾਨ



**ਬਾਘਾ ਪੁਰਾਣਾ, 2 ਮਈ (ਟਿੰਕੂ ਕਾਠਪਾਲ)**-ਅੱਜ ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਚੋਣ ਲੜ ਰਹੇ ਭਾਈ ਸਰਬਜੀਤ ਸਿੰਘ ਮਲੋਆ ਨੂੰ ਆਪਣੀ ਚੋਣ ਮੁਹਿੰਮ ਵਿੱਚ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਉਨ੍ਹਾਂ ਦੇ ਇੱਕ ਚੋਣ ਹਲਕੇ ਵਿੱਚ ਵੱਡਾ ਸਿਆਸੀ ਆਧਾਰ ਰੱਖਦੇ ਸੰਤ ਭਿੰਡਰਾਂਵਾਲਿਆਂ ਦੇ ਪਰਿਵਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਨੇ ਉਨ੍ਹਾਂ ਦੀ ਹਮਾਇਤ ਕਰਨ ਦਾ ਐਲਾਨ ਕਰ ਦਿੱਤਾ। ਭਾਈ ਸਰਬਜੀਤ ਸਿੰਘ ਮਲੋਆ ਨੇ ਆਪਣੀ ਚੋਣ ਮੁਹਿੰਮ ਤਹਿਤ ਅੱਜ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਪਹੁੰਚੇ। ਇੱਥੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੀ ਸਮੁੱਚੀ ਲੀਡਰਸ਼ਿਪ ਦੀ ਤਰਫੋਂ ਭਾਈ ਸਰਬਜੀਤ ਸਿੰਘ ਮਲੋਆ ਦੀ ਫਰੀਦਕੋਟ ਚੋਣ ਹਲਕੇ ਤੋਂ ਤਨ ਮਨ ਅਤੇ ਧਨ ਨਾਲ ਹਮਾਇਤ ਕਰਨ ਦਾ ਐਲਾਨ ਕੀਤਾ ਅਤੇ ਕਿਹਾ ਕਿ ਭਾਈ ਸਰਬਜੀਤ ਸਿੰਘ ਮਲੋਆ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੇ ਸਪੁੱਤਰ ਹਨ, ਜਿਨ੍ਹਾਂ ਨੇ ਆਪਣੇ ਆਪ ਨੂੰ ਵੱਡੇ ਖਤਰੇ ਵਿੱਚ ਪਾ ਕੇ ਸਿੱਖ ਪੰਥ ਦਾ ਬਹੁਤ ਵੱਡਾ ਕਾਰਜ ਕੀਤਾ ਸੀ। ਇਸ ਨੂੰ ਇਸ ਨੂੰ ਪ੍ਰਚਲਤ ਰੂਪ ਵਿੱਚ ਜਾਣਿਆ ਜਾਂਦਾ ਹੈ ਕਿ ਸਿੱਖਾਂ ਦੀ ਡਿੱਗੀ ਹੋਈ ਪੱਗ ਨੂੰ ਭਾਈ ਸਤਵੰਤ ਸਿੰਘ ਭਾਈ ਬੇਅੰਤ ਸਿੰਘ ਭਾਈ ਕੇਹਰ ਸਿੰਘ ਨੇ ਬਹੁਤ ਵੱਡੀਆਂ ਕੁਰਬਾਨੀਆਂ ਦੇ ਕੇ ਬਚਾਇਆ ਸੀ ਅਤੇ ਉਸ ਜਾਲਮ ਨੂੰ ਸੋਧਿਆ ਸੀ ਜਿਸ ਨੇ ਸ੍ਰੀ ਅਕਾਲ ਤਖਤ ਸਾਹਿਬ ਤੇ ਹਮਲਾ ਕੀਤਾ ਸੀ । ਇਸ ਮੌਕੇ ਭਾਈ ਸਰਬਜੀਤ ਸਿੰਘ ਮਲੋਆ ਨੇ ਸਾਰੀਆਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਮਿਤੀ 9 ਮਈ ਦਿਨ ਵੀਰਵਾਰ ਨੂੰ ਸਵੇਰੇ 11 ਵਜੇ ਇਸ ਗੁਰਦੁਆਰਾ ਸੰਤ ਖਾਲਸਾ ਜਨਮ ਸਥਾਨ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਪਿੰਡ ਰੋਡੇ ਤੋਂ ਮੱਥਾ ਟੇਕ ਕੇ ਕਾਫਲੇ ਦੇ ਰੂਪ ਵਿੱਚ ਬਾਬਾ ਫਰੀਦ ਦੀ ਧਰਤੀ ਫਰੀਦਕੋਟ ਲਈ ਰਵਾਨਾ ਹੋਣਗੇ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਹੋਰਾਂ ਨੇ ਵੀ ਸਾਰੀਆਂ ਸੰਗਤਾਂ ਨੂੰ ਖਾਸ ਕਰਕੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ 9 ਮਈ ਨੂੰ ਵੱਡੇ ਕਾਫਲਿਆਂ ਦੇ ਰੂਪ ਵਿੱਚ ਕਾਰਾਂ ਅਤੇ ਮੋਟਰਸਾਈਕਲਾਂ ਜਾਂ ਜੋ ਵੀ ਵਹੀਕਲ ਸੰਗਤਾਂ ਕੋਲ ਹਨ, ਉਨ੍ਹਾਂ ਰਾਹੀਂ ਸ਼ਾਮਿਲ ਹੋਇਆ ਜਾਵੇ। ਭਾਈ ਸਰਬਜੀਤ ਸਿੰਘ ਮਲੋਆ ਨੇ ਦੱਸਿਆ ਕਿ ਸੰਤ ਭਿੰਡਰਾਂਵਾਲਿਆਂ ਦੀ ਇਸ ਚਰਨ ਛੋਹ ਧਰਤੀ ਤੋਂ ਰੋਡ ਸ਼ੋਅ ਦੇ ਰੂਪ ਵਿੱਚ ਫਰੀਦਕੋਟ ਪਹੁੰਚ ਕੇ ਉਹ ਆਪਣੇ ਲੋਕ ਸਭਾ ਚੋਣਾਂ ਲਈ ਕਾਗਜ ਦਾਖਲ ਕਰਨਗੇ। ਇਸੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਸਰਬਜੀਤ ਸਿੰਘ ਮਲੋਆ ਨੇ ਕਿਹਾ ਕਿ ਅੱਜ ਜਨਮ ਅਸਥਾਨ ਸ੍ਰੀ ਸਿੱਖ ਕੌਮ ਦੇ ਸ਼ਹੀਦ ਸੰਤ ਗਿਆਨੀ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਵਿਖੇ ਪਹੁੰਚਿਆ ਹਾਂ ਜਿੱਥੇ ਉਨ੍ਹਾਂ ਦੇ ਪਰਿਵਾਰ ਦੇ ਪਰਿਵਾਰ ਅਕਾਲ ਤਖਤ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਰੂਪ ਵਿੱਚ ਬੁਲਾ ਕੇ ਸਮਰਥਨ ਕੀਤਾ ਹੈ, ਉਸ ਨਾਲ ਮੈਨੂੰ ਲੋਕ ਸਭਾ ਹਲਕਾ ਫਰੀਦਕੋਟ ਤੋਂ ਚੋਣ ਲੜਨ ਵਿੱਚ ਬਹੁਤ ਜਿਆਦਾ ਬਲ ਮਿਲੇਗਾ, ਜਿਸ ਲਈ ਮੈਂ ਇਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਇਸ ਮੌਕੇ ਭਾਈ ਦਲੀਪ ਸਿੰਘ ਚਕਰ, ਪੈਨਲ ਮੈਂਬਰ ਇੰਟਰਨੈਸ਼ਨਲ ਪੰਥਕ ਦਲ ਭਾਈ ਗੁਰਸੇਵਕ ਸਿੰਘ ਜਵਾਹਰਕੇ, ਜਗਸੀਰ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ ਗੁਰਪ੍ਰੀਤ ਸਿੰਘ ਜ਼ਿਲ੍ਹਾ ਪ੍ਰਧਾਨ ਦਲੇਰ ਸਿੰਘ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਬਲਵਿੰਦਰ ਸਿੰਘ ਰੋਡੇ ਮੁੱਖ ਸੇਵਾਦਾਰ ਗੁਰਦੁਆਰਾ ਸੰਤ ਖਾਲਸਾ ਰਵਿੰਦਰ ਸਿੰਘ ਪ੍ਰੈਸ ਸਕੱਤਰ, ਸੁਖਮੰਦਰ ਸਿੰਘ ਚਕਰ, ਬਾਬਾ ਭਜਨ ਸਿੰਘ, ਅਵਤਾਰ ਸਿੰਘ, ਬਾਬਾ ਅਤਿੰਦਰ ਪਾਲ ਸਿੰਘ, ਬਾਬਾ ਬੂਟਾ ਸਿੰਘ, ਮਲਕੀਤ ਸਿੰਘ, ਗੁਰਪ੍ਰੀਤ ਸਿੰਘ ਰੋਡੇ, ਜਸਕਰਨ ਸਿੰਘ ਕਾਲਾ ਰੋਡੇ, ਯਾਦਵਿੰਦਰ ਸਿੰਘ ਰੋਡੇ, ਸੁਖਮੰਦਰ ਸਿੰਘ ਰੋਡੇ, ਜਗਮੀਤ ਸਿੰਘ ਰੋਡੇ, ਜਸਕਰਨ ਸਿੰਘ ਰੋਡੇ ਅਤੇ ਹੋਰ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ ।

**9 ਮਈ ਨੂੰ ਪਿੰਡ ਰੋਡੇ ਤੋਂ ਕਾਫਲਾ ਰੂਪ ਵਿੱਚ ਚੱਲ ਕੇ ਫਰੀਦਕੋਟ ਵਿਖੇ ਦਾਖਲ ਕਰਨਗੇ ਕਾਗਜ਼**

ਆਵਾਜ਼ਿ ਕੌਮ AWAZE QAUM International Newspaper & WEB TV

### ਪੰਥਕ ਮੁੱਦਿਆਂ ਦੀ ਗੱਲ ਕਰਨ ਵਾਲੇ ਉਮੀਦਵਾਰਾਂ ਨੂੰ ਲੋਕ ਸਭਾ 'ਚ ਭੇਜਿਆ ਜਾਵੇ : ਸਿੰਘ ਸਾਹਿਬ ਭਾਈ ਰੋਡੇ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪੰਜਾਬ ਵਿੱਚ ਚਾਰ ਪੰਥਕ ਉਮੀਦਵਾਰਾਂ ਦੀ ਹਮਾਇਤ ਦਾ ਐਲਾਨ

**ਸਮਾਲਸਰ/ਬਾਘਾ ਪੁਰਾਣਾ, 2 ਮਈ (ਭੁਪਿੰਦਰ ਸਿੰਘ, ਟਿੰਕੂ ਕਾਠਪਾਲ)**- ਇੰਟਰਨੈਸ਼ਨਲ ਪੰਥਕ ਦਲ ਦੀ ਅਹਿਮ ਮੀਟਿੰਗ ਗੁਰਦੁਆਰਾ ਸੰਤ ਖਾਲਸਾ ਜਨਮ ਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਪਿੰਡ ਰੋਡੇ (ਮੋਗਾ) ਵਿਖੇ ਹੋਈ । ਇਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਹੋਰ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ।ਇਸ ਮੌਕੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪਿਛਲੇ ਦਿਨੀਂ ਵੱਡੀ ਮੀਟਿੰਗ ਕਰਕੇ ਇੱਕ ਵਿਸ਼ੇਸ਼ ਰੀਵਿਊ ਕਮੇਟੀ ਬਣਾਈ ਸੀ । ਜਿਸ ਵਿੱਚ ਪੰਜਾਬ ਵਿੱਚ ਹੋ ਰਹੀਆਂ ਲੋਕ ਸਭਾ ਚੋਣਾਂ ਵਿੱਚ, ਪੰਜਾਬ ਦੀਆਂ ਵੱਖ-ਵੱਖ ਲੋਕ ਸਭਾ ਸੀਟਾਂ ਤੋਂ ਚੋਣ ਲੜ ਰਹੇ ਉਮੀਦਵਾਰਾਂ ਦੀ ਹਮਾਇਤ ਕਰਨ ਫੈਸਲਾ ਲਿਆ ਜਾਣਾ ਸੀ ।ਉਨ੍ਹਾਂ ਕਿਹਾ ਕਿ ਇਸ ਕਮੇਟੀ ਵੱਲੋਂ ਆਪਣੀ ਇੱਕ ਵਿਸ਼ੇਸ਼ ਰਿਪੋਰਟ ਦਿੱਤੀ ਹੈ ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਜ਼ਿਲ੍ਹਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ, ਗੁਰਦਾਸਪੁਰ ਤੋਂ ਭਾਈ ਗੁਰਿੰਦਰ ਸਿੰਘ ਬਾਜਵਾ (ਬੇਗਮਪੁਰਾ ਰਾਜ ਖਾਲਸਾ ਪਾਰਟੀ), ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਸੰਗਰੂਰ ਤੋਂ ਸਿਮਰਨਜੀਤ ਸਿੰਘ ਮਾਨ ਆਦਿ ਉਮੀਦਵਾਰਾਂ ਦੀ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ ਹੈ । ਇਸ ਦੇ ਨਾਲ ਹੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸਿਮਰਨਜੀਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਪੰਥਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਉਹ ਫ਼ਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ ਦੇ ਮੁਕਾਬਲੇ ਖੜ੍ਹਾ ਕੀਤਾ ਆਪਣਾ ਉਮੀਦਵਾਰ ਵਾਪਸ ਲੈ ਲੈਣ । ਭਾਈ ਜਸਵੀਰ ਸਿੰਘ ਰੋਡੇ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹੋਰ ਸੀਟਾਂ 'ਤੇ ਵੀ ਰਿਵਿਊ ਕਮੇਟੀ ਦੇ ਫੈਸਲੇ ਅਨੁਸਾਰ ਹੋਰ ਉਮੀਦਵਾਰਾਂ ਦੀ ਮਦਦ ਕੀਤੀ ਜਾਵੇਗੀ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਇਸ ਮੌਕੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਪੰਥਕ ਮੁੱਦਿਆਂ ਦੀ ਗੱਲ ਕਰਨ ਵਾਲੇ ਉਮੀਦਵਾਰਾਂ ਨੂੰ ਲੋਕ ਸਭਾ 'ਚ ਭੇਜਿਆ ਜਾਵੇ ਕਿਉਂਕਿ ਸਮੇਂ ਸਮੇਂ ਸਰਕਾਰਾਂ ਨੇ ਸਾਡੇ ਪੰਥਕ ਆਗੂਆਂ ਨਾਲ ਇਹ ਵਾਅਦੇ ਕੀਤੇ ਸੀ ਕਿ ਬੇਅਦਬੀ ਮਾਮਲਿਆਂ 'ਚ ਇਨਸਾਫ ਦਿਵਾਇਆ ਜਾਵੇਗਾ, ਬੰਦੀ ਸਿੰਘਾਂ ਦੀ ਰਿਹਾਈ ਕੀਤੀ ਜਾਵੇਗੀ, ਨਸ਼ਿਆਂ ਨੂੰ ਠੱਲ ਪਾਈ ਜਾਵੇਗੀ, ਕਿਸਾਨਾਂ ਦੀਆਂ ਫਸਲਾਂ ਤੇ ਐੱਮ ਐਸ ਪੀ ਦਿੱਤੀ ਜਾਵੇਗੀ, ਪਰ ਕਿਸੇ ਨੇ ਵੀ ਵਾਅਦਾ ਨਹੀਂ ਨਿਭਾਇਆ ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਚੋਣਾਂ ਦਾ ਸਮਾਂ ਹੈ, ਇਨ੍ਹਾਂ ਲੋਕਾਂ ਨੂੰ ਸਬਕ ਸਿਖਾਇਆ ਜਾਵੇ ।ਜਿਹੜੇ ਬੇਅਦਬੀ ਹੁੰਦੀ ਦੇਖ ਕੇ ਮੂਕ ਦਰਸ਼ਕ ਬਣੇ ਰਹੇ, ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੀਆਂ ਸਿੱਖ ਸੰਗਤਾਂ ਤੇ ਗੋਲੀਆਂ ਬਰਸਾਈਆਂ। ਸਿੰਘ ਸਾਹਿਬ ਨੇ ਕਿਹਾ ਕਿ ਹੁਣ ਸਮਾਂ ਹੈ ਕਿ ਸੌਦਾ ਸਾਧ ਦੀ ਪੁਸ਼ਤ ਪਨਾਹੀ ਕਰਨ ਵਾਲੇ ਅਖੌਤੀ ਬਾਦਲ ਦਲ ਦੇ ਉਮੀਦਵਾਰਾਂ ਨੂੰ ਸਬਕ ਸਿਖਾਈਏ । ਭਾਈ ਜਸਵੀਰ ਸਿੰਘ ਰੋਡੇ ਨੇ ਕਿਹਾ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕੇਸ ਵਿੱਚ ਇਨਸਾਫ਼ ਦਿਵਾਉਣ ਦਾ ਵਾਅਦਾ ਕਰਨ ਵਾਲੀ ਆਪ ਸਰਕਾਰ ਨੇ ਇਨਸਾਫ ਕੀ ਦਿਵਾਉਣਾ ਸੀ, ਐੱਫ਼ ਆਈ ਆਰ ਦਰਜ ਕਰਨ ਦੀ ਇਜਾਜ਼ਤ ਤੱਕ ਨਹੀਂ ਦਿੱਤੀ । ਇੱਥੋਂ ਤੱਕ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਥਕ ਆਗੂਆਂ, ਸਿੱਖ ਜਥੇਬੰਦੀਆਂ ਨੁਮਾਇੰਦਿਆਂ ਨੂੰ ਇਸ ਕੇਸ ਸਬੰਧੀ ਮਿਲਣ ਦਾ ਟਾਈਮ ਤੱਕ ਨਹੀਂ ਦਿੱਤਾ । ਉਨ੍ਹਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪੰਥਕ ਸੋਚ ਰੱਖਣ ਵਾਲੇ ਉਮੀਦਵਾਰਾਂ ਨੂੰ ਜਿਤਾ ਕੇ ਲੋਕ ਸਭਾ ਵਿੱਚ ਭੇਜਣ ਤਾਂ ਕਿ ਸਿੱਖ ਪੰਥ ਦੀ ਗੱਲ ਲੋਕ ਸਭਾ ਵਿੱਚ ਉਠਾਈ ਜਾ ਸਕੇ ਅਤੇ ਸਿੱਖਾਂ ਨਾਲ ਹੋ ਰਹੀਆਂ ਵਧੀਕੀਆਂ ਤੋਂ ਨਿਜਾਤ ਮਿਲ ਸਕੇ ।

**ਸਿਮਰਨਜੀਤ ਸਿੰਘ ਮਾਨ ਨੂੰ ਲੋਕ ਸਭਾ ਹਲਕਾ ਫਰੀਦਕੋਟ ਤੋਂ ਆਪਣਾ ਉਮੀਦਵਾਰ ਵਾਪਸ ਲੈਣ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

## ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਵੀਪ ਟੀਮ ਵੱਲੋਂ 002 ਭੋਆ ਹਲਕੇ ਵਿੱਚ ਸਵੀਪ ਗਤੀਵਿਧੀਆਂ ਕਰਵਾਈਆਂ

### ਪਿੰਡ ਸੈਦੀਪੁਰ, ਪਹਾੜੋਂ ਚੱਕ ਅਤੇ ਢੋਲੋਵਾਲ ਵਿਖੇ ਆਮ ਨਾਗਰਿਕਾਂ ਨੂੰ ਵੋਟ ਦੀ ਮਹੱਤਤਾ ਬਾਰੇ ਕੀਤਾ ਜਾਗਰੂਕ : ਪੰਕਜ ਅਰੋੜਾ




**ਪਠਾਨਕੋਟ, 2 ਮਈ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਦੀ ਰਹਿਨੁਮਾਈ ਹੇਠ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ 002 ਭੋਆ ਹਲਕੇ ਦੀ ਸਵੀਪ ਟੀਮ ਵੱਲੋਂ ਏਡੀਸੀ ਅੰਕੁਰ ਜੀਤ ਸਿੰਘ ਆਈਏਐਸ ਦੀ ਅਗਵਾਈ ਹੇਠ ਜ਼ਿਲ੍ਹਾ ਨੋਡਲ ਕਮ-ਜਿਲ੍ਹਾ ਭੂਮੀ ਰੱਖਿਆ ਅਫ਼ਸਰ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ 002 ਹਲਕਾ ਭੋਆ ਦੇ ਸਵੀਪ ਨੋਡਲ ਅਫ਼ਸਰ ਕਮ- ਬੀਪੀਈਓ ਪਠਾਨਕੋਟ -1 ਪੰਕਜ ਅਰੋੜਾ ਵੱਲੋਂ ਬੀ.ਐੱਲ.ਓਜ਼ ਦੇ ਸਹਿਯੋਗ ਨਾਲ ਬੂਥ ਲੈਵਲ ਅਵੇਅਰਨੈੱਸ ਗਰੁੱਪ ਅਤੇ ਚੋਣ ਪਾਠਸ਼ਾਲਾ ਰਾਹੀਂ ਭੋਆ ਹਲਕੇ ਦੇ ਵੱਖ ਵੱਖ ਬੂਥਾਂ 'ਤੇ ਵੋਟਰ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ, ਜਿਸ ਤਹਿਤ ਵੋਟਰਾਂ ਨੂੰ ਆਪਣੀ ਵੋਟ ਦੇ ਵਡਮੁੱਲੇ ਹੱਕ ਦੇ ਇਸਤੇਮਾਲ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਪਿੰਡ ਸੈਦੀਪੁਰ, ਪਹਾੜੋਂ ਚੱਕ ਅਤੇ ਢੋਲੋਵਾਲ ਵਿਖੇ ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ 002 ਹਲਕਾ ਭੋਆ ਦੇ ਸਵੀਪ ਨੋਡਲ ਅਫ਼ਸਰ ਕਮ- ਬੀਪੀਈਓ ਪਠਾਨਕੋਟ -1 ਪੰਕਜ ਅਰੋੜਾ ਦੀ ਅਗਵਾਈ ਹੇਠ ਸਵੀਪ ਟੀਮ ਵੱਲੋਂ ਵੋਟਰਾਂ ਨੂੰ ਵੋਟ ਪਾਉਣ ਦੀ ਪ੍ਰਕਿਰਿਆ ਅਤੇ ਲੋਕ ਸਭਾ ਚੋਣਾਂ ਦੀ ਸਮਾਂ ਸਾਰਨੀ ਬਾਰੇ ਜਾਣੂ ਕਰਵਾਉਂਦਿਆਂ ਵੋਟ ਦੇ ਹੱਕ ਦਾ ਲਾਜ਼ਮੀ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਆਮ ਨਾਗਰਿਕਾਂ ਅਤੇ ਸਕੂਲ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਸਵੀਪ ਟੀਮ ਵੱਲੋਂ ਵੋਟਿੰਗ ਪ੍ਰਤੀਸ਼ਤਤਾ ਵਿਚ ਵਾਧਾ ਲਿਆਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਵੋਟਰਾਂ ਨੂੰ ਮਤਦਾਨ ਵਿਚ ਵੱਧ ਤੋਂ ਵੱਧ ਭਾਗੀਦਾਰੀ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

## ਜ਼ਿਲ੍ਹਾ ਚੋਣ ਅਫਸਰ ਪਠਾਨਕੋਟ ਨੇ ਵੇਅਰਹਾਊਸ ਪਹੁੰਚ ਕੇ ਲਿਆ ਜਾਇਜਾ





**ਪਠਾਨਕੋਟ, 2 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਸਥਿਤ ਮੀਟਿੰਗ ਹਾਲ ਵਿਖੇ ਵੱਖ ਵੱਖ ਰਾਜਨੀਤਿਕ ਨੁਮਾਇੰਦਿਆਂ ਦੀ ਹਾਜਰੀ ਵਿੱਚ ਬੈਲਟ ਯੂਨਿਟ, ਕੰਟਰੋਲ ਯੂਨਿਟ ਅਤੇ ਵੀ.ਵੀ. ਪੈਟ ਮਸੀਨਾਂ ਦੀ ਰੇਂਡਮਾਈਜੇਸਨ ਕੀਤੀ ਗਈ ਹੈ ਅਤੇ ਵੇਅਰਹਾਊਸ ਪਠਾਨਕੋਟ ਦਾ ਜਾਇਜਾ ਵੀ ਲਿਆ ਗਿਆ ਹੈ। ਇਹ ਪ੍ਰਗਟਾਵਾ ਸ੍ਰੀ ਆਦਿੱਤਿਆ ਉੱਪਲ ਜਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਕੀਤਾ ਗਿਆ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਅਭਿਸੇਕ ਸਰਮਾ ਸਹਾਇਕ ਕਮਿਸਨਰ(ਸਿਕਾਇਤਾਂ), ਆਮ ਆਦਮੀ ਪਾਰਟੀ ਤੋਂ ਰਾਕੇਸ ਸਿੰਘ, ਬਹੁਜਨ ਸਮਾਜ ਪਾਰਟੀ ਤੋਂ ਵਿਜੈ ਕੁਮਾਰ, ਭਾਜਪਾ ਤੋਂ ਅਨਿਲ ਕੁਮਾਰ, ਕਮਿਊਨਿਸਟ ਪਾਰਟੀ ਆਫ ਇੰਡਿਆ(ਮਾਰਕਸਿਸਟ) ਕੇਵਲ ਕਾਲੀਆ, ਯੁਗੇਸ ਸਿੰਘ ਚੋਣ ਕਾਨੂੰਗੋ ਪਠਾਨਕੋਟ ਕਾਂਗਰਸ ਤੋਂ ਰਾਜ ਕੁਮਾਰ ਅਤੇ ਹੋਰ ਅਧਿਕਾਰੀ ਵੀ ਹਾਜਰ ਸਨ। ਇਸ ਮੋਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਆਦਿੱਤਿਆਂ ਉੱਪਲ ਜਿਲ੍ਹਾ ਚੋਣ ਅਫਸਰ ਪਠਾਨਕੋਟ-ਕਮ-ਡਿਪਟੀ ਕਮਿਸਨਰ ਪਠਾਨਕੋਟ ਨੇ ਦੱਸਿਆ ਕਿ ਮਾਨਯੋਗ ਮੁੱਖ ਚੋਣ ਅਫਸਰ ਪੰਜਾਬ ਚੰਡੀਗੜ੍ਹ ਜੀ ਵੱਲੋਂ ਜਾਰੀ ਕੀਤੇ ਗਏ ਨਿਰਧਾਰਤ ਸਡਿਊਲ ਅਨੁਸਾਰ ਲੋਕ ਸਭਾ ਦੀਆਂ ਆਮ ਚੋਣਾਂ-2024 ਦੇ ਸਬੰਧ ਵਿੱਚ ਅੱਜ ਈ.ਵੀ.ਐਮ. ਅਤੇ ਵੀ.ਵੀ. ਪੈਟ ਮਸੀਨਾਂ ਦੀ ਪਹਿਲੇ ਚਰਨ ਦੀ ਰੇਂਡਮਾਈਜੇਸਨ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਲਈ ਜਿਨ੍ਹੇ ਬਲੈਟ ਯੂਨਿਟ ਅਤੇ ਕੰਟਰੋਲ ਯੂਨਿਟ ਦੀ ਲੋੜ ਹੈ ਇਸ ਤੋਂ ਇਲਾਵਾ 20 ਪ੍ਰਤੀਸਤ ਈ.ਵੀ.ਐਮ. ਅਤੇ ਵੀ.ਵੀ.ਪੈਟ 30 ਪ੍ਰਤੀਸਤ ਮਸੀਨਾਂ ਰਿਜਰਵ ਰੱਖੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਰੇਡਮਾਈਜੇਸਨ ਤੋਂ ਬਾਅਦ ਵੱਖ ਵੱਖ ਲੋਕ ਸਭਾ ਸੈਗਮੈਂਟ ਪਠਾਨਕੋਟ ਦੇ ਏ.ਆਰ.ਓ. ਸਾਹਿਬਾਨ ਨੂੰ ਈ.ਵੀ.ਐਮ. ਅਤੇ ਵੀ.ਵੀ. ਪੈਟ ਮਸੀਨਾਂ ਸਪੁਰਦ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਈ.ਵੀ.ਐਮ. ਅਤੇ ਵੀ.ਵੀ.ਪੈਟ ਮਸੀਨਾਂ ਨੂੰ ਇੱਕ ਸਥਾਨ ਤੋਂ ਦੂਸਰੇ ਸਥਾਨ ਤੱਕ ਲੈ ਕੇ ਜਾਣ ਵਾਲੇ ਵਾਹਨਾਂ ਵਿੱਚ ਜੀ.ਪੀ.ਐਸ. ਸਿਸਟਮ ਲਗਾਇਆ ਗਿਆ ਹੈ। ਇਸ ਮੋਕੇ ਤੇ ਰੇਂਡਮਾਈਜੇਸਨ ਤੋਂ ਬਾਅਦ ਨਵੀਆਂ ਲਿਸਟਾਂ ਵੀ ਵੱਖ ਵੱਖ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਭੇਟ ਕੀਤੀਆਂ ਗਈਆਂ । ਇਸ ਤੋਂ ਇਲਾਵਾ ਜਿਲ੍ਹਾ ਚੋਣ

ਆਵਾਜ਼ਿ ਕੌਮ AWAZE QAUM International Newspaper & WEB TV




ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

**ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ**